ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿ ੱਖ ਕੌਮ ਦੀ ਉਹ ਸਿਰਮੌਰ ਤੇ ਮਾਣਮੱਤੀ ਸੰਸਥਾ ਹੈ ਜਿਹੜੀ ਅੰਗਰੇਜਾ ਦੇ ਸਮੇਂ ਅਨਮਤੀ ਮਹੰਤਾ ਤੋਂ ਪਾਵਨ ਗੁਰ-ਧਾਮਾਂ ਦੇ ਕਬਜੇ ਛਡਵਾਉਣ ਲਈ ਬੇਅੰਤ ਕੁਰਬਾਨੀਆਂ ਤੋਂ ਬਾਅਦ ਹੋਂਦ ਵਿੱਚ ਆਈ। ਸਿੱਖਾਂ ਦੀ ਇਸ ਪ੍ਰਤੀਨਿਧ ਸੰਸਥਾ ਦਾ ਇਤਿਹਾਸ ਵਿਸ਼ਵ ਦੇ ਧਾਰਮਿਕ ਜਗਤ ਅੰਦਰ ਚਾਨਣ ਮਨਾਰਾ ਹੈ। ਇਸ ਮਹਾਨ ਸੰਸਥਾ ਨੇ ਸਥਾਪਨਾ ਤੋਂ ਲੈ ਕੇ ਆਪਣੀ ਇੱਕ ਸਦੀ ਦੇ ਸਫਰ ਦੌਰਾਨ ਗੁਰ-ਧਾਮਾ ਦੇ ਸੰਗਤੀ ਪ੍ਰਬੰਧ ਨੂੰ ਪ੍ਰਭਾਸ਼ਿਤ ਕੀਤਾ ਹੈ। ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਰੰਤਰ ਵਿਧੀਵਤ ਲਹਿਰਾ ਚਲਾਇਆ ਹਨ। ਸੰਗਤੀ ਸਹਿਯੋਗ ਨਾਲ ਪਾਵਨ ਗੁਰਧਾਮਾਂ ਦੀ ਨਿਤਪ੍ਰਤੀ ਮਰਿਯਾਦਾ, ਅੰਮ੍ਰਿਤ ਸੰਚਾਰ ਦੀਆਂ ਲਹਿਰਾਂ ਚਲਾ ਕੇ ਲੱਖਾ ਪ੍ਰਾਣੀਆਂ ਨੂੰ ਗੁਰੂ ਲੜ ਲਾਉਣਾ, ਗੁਰਦੁਆਰਾ ਸਾਹਿਬਾਨ ਦੀ ਸੇਵਾ-ਸੰਭਾਲ ਤੇ ਉਨ੍ਹਾਂ ਦੇ ਲੋੜੀਂਦੇ ਵਿਸਥਾਰ, ਗੁਰੂ ਘਰ ਆਉਣ ਵਾਲੀਆਂ ਸੰਗਤਾਂ ਲਈ ਲੰਗਰ, ਰਿਹਾਇਸ਼ ਤੋਂ ਇਲਾਵਾ ਮਾਨਵਤਾ ਦੇ ਭਲੇ ਲਈ ਸਿਹਤ ਤੇ ਵਿਦਿਅਕ ਸੰਸਥਾਵਾਂ ਦੇ ਬਿਹਤਰੀਨ ਪ੍ਰਬੰਧ ਚਲਾਉਣਾ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੱਡੀ ਪ੍ਰਾਪਤੀ ਹੈ। ਇਸ ਦੇ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਕਾਲ ਪੁਰਖ ਵਾਹਿਗੁਰੂ ਦਾ ਸ਼ੁਕਰਾਨਾ ਕਰਦੀ ਹੈ ਕਿ ਉਸ ਦੀ ਬਖਸ਼ਿਸ਼ ਸਦਕਾ ਆਪਣੇ ਸੀਮਤ ਸਾਧਨਾਂ ਵਿੱਚ ਰਹਿੰਦੇ ਹੋਏ ਵੀ ਸੰਗਤ ਦੇ ਸਹਿਯੋਗ ਨਾਲ ਜਿੱਥੇ ਦੁਨੀਆ ਭਰ 'ਚ ਆਉਣ ਵਾਲੀਆ ਕੁਦਰਤੀ ਆਫ਼ਤਾਂ ਮੌਕੇ ਮਨੁੱਖਤਾ ਦੀ ਸੇਵਾ ਕਰਦੀ ਆ ਰਹੀ ਹੈ। ਭਾਵੇ ਉਹ ਕਸ਼ਮੀਰ ਵਿੱਚ ਹੜ੍ਹ ਆਉਣ, ਕੇਰਲਾ 'ਚ ਹੜ੍ਹਾਂ ਨਾਲ ਹੁੰਦੀ ਤਬਾਹੀ ਹੋਵੇ। ਨੇਪਾਲ ਵਿੱਚ ਭੂਚਾਲ ਨਾਲ ਮਨੁੱਖਤਾ ਤੱੜਪੀ ਹੋਵੇ। ਕਰੋਨਾ ਦੀ ਮਹਾਂਮਾਰੀ ਦੌਰਾਨ ਕਰੋੜਾ ਦੀ ਗਿੱਣਤੀ ਵਿੱਚ ਲੋੜਵੰਦਾ ਤੱਕ ਲੰਗਰ ਦੀ ਸੇਵਾ ਕਰਕੇ ਜੋ ਕੰਮ ਸਰਕਾਰਾ ਨਹੀਂ ਕਰ ਸਕੀਆ ਉਹ ਜ਼ੁੰਮੇਵਾਰੀ ਨਿਭਾਈ। ਉਥੇ ਵਿਸ਼ਵ ਭਰ 'ਚ ਵੱਸਦੇ ਸਿੱਖਾਂ ਦੇ ਬੁਨਿਆਦੀ ਹੱਕਾਂ ਦੀ ਪਹਿਰੇਦਾਰੀ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਉਨ੍ਹਾਂ ਸਾਰੇ ਮਹਾਨ ਸ਼ਹੀਦਾਂ, ਜਾਂਬਾਜ ਅਕਾਲੀ ਯੋਧਿਆਂ ਅਤੇ ਕੁਰਬਾਨੀ ਵਾਲੇ ਸੂਰਬੀਰ ਸਿੱਦਕੀ ਗੁਰਸਿੱਖਾ ਦੇ ਅਥਾਹ ਯੋਗਦਾਨ ਅੱਗੇ ਨਤਮਸਤਕ ਹੁੰਦੀ ਹੈ। ਜਿਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਵਿੱਚ ਆਪਣਾ ਇਤਿਹਾਸਕ ਯੋਗਦਾਨ ਪਾਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਇਰਾਦੇ ਲਈ ਦ੍ਰਿੜ੍ਹ ਸੰਕਲਪ ਹੈ ਕਿ ਭਵਿੱਖ ਵਿੱਚ ਵੀ ਗੁਰੂ ਆਸ਼ੇ ਅਨੁਕੂਲ ਸੰਗਤ ਦੇ ਸਹਿਯੋਗ ਨਾਲ ਸਾਰੀਆਂ ਸੇਵਾਵਾਂ ਹੋਰ ਬਿਹਤਰੀਨ ਤਰੀਕੇ ਨਾਲ ਨਿਭਾਈਆ ਜਾਂਦੀਆ ਰਹਿਣਗੀਆ। ਅੱਜ ਅਸੀਂ ਪੰਥ ਦੇ ਸਹਾਈ ਦਾਤਾਰ ਵਾਹਿਗੁਰੂ ਅੱਗੇ ਜੋਦੜੀ ਕਰਦੇ ਹਾਂ ਕਿ ਪੰਥਕ ਸੇਵਾ ਦੇ ਕਾਰਜਾਂ ਦੀ ਸਫਲਤਾ ਲਈ ਪੰਥ ਨੂੰ ਹਲੀਮੀ, ਏਕਤਾ, ਇਤਫ਼ਾਕ ਅਤੇ ਚੜ੍ਹਦੀਕਲਾਂ ਦੀ ਦਾਤ ਬਖ਼ਸ਼ੇ।

### ਮਤਾ ਨੰ. ੨

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਦੀ ਇਹ ਇਕਤੱਰਤਾ ਇਸ ਗੱਲ ਉੱਪਰ ਦ੍ਰਿੜ

ਹੈ ਕਿ ਸਦੀਆਂ ਤੋਂ ਸਿੱਖ ਵਿਰੋਧੀ ਸ਼ਕਤੀਆਂ ਸਿੱਖ ਕੌਮ ਨੂੰ ਖਤਮ ਕਰਨ ਦੀਆਂ ਸਾਜਿਸ਼ਾਂ ਘੜਦੀਆਂ ਆ ਰਹੀਆਂ ਹਨ। ਪਹਿਲਾਂ ਮੁਗਲਾਂ ਵੱਲੋਂ ਜਾਨ ਤੋਂ ਪਿਆਰੇ ਸਾਡੇ ਗੁਰਦੁਆਰਾ ਸਾਹਿਬਾਨ ਨੂੰ ਇਸ ਮੰਤਵ ਨਾਲ ਨਿਸ਼ਾਨਾ ਬਣਾਇਆ ਗਿਆ ਅਤੇ ਪਾਵਨ ਸ੍ਰੀ ਹਰਿਮੰਦਰ ਸਾਹਿਬ ਉਪਰ ਹਮਲੇ ਕਰਕੇ ਇਸ ਨੂੰ ਢਹਿ ਢੇਰੀ ਕਰਨ ਦੀ ਕੋਸ਼ਿਸ਼ ਕੀਤੀ। ਫਿਰ ਅੰਗਰੇਜਾਂ ਨੇ ਅਨਮਤੀ ਮਹੰਤਾ ਦੇ ਕਬਜੇ ਕਰਵਾ ਕੇ ਗੁਰਧਾਮਾਂ ਵਿੱਚ ਮਨਮੱਤੀਆਂ ਅਤੇ ਕਰਮ ਕਾਂਡਾਂ ਰਾਹੀਂ ਸਿੱਖੀ ਸਿਧਾਂਤਾਂ ਅਤੇ ਸਿੱਖ ਸੰਸਥਾਂਵਾਂ ਨੂੰ ਖਤਮ ਕਰਨ ਦੀਆਂ ਕੋਝੀਆਂ ਹਰਕਤਾਂ ਕੀਤੀਆਂ। ਆਜਾਦੀ ਤੋਂ ਬਾਅਦ ਕਾਂਗਰਸ ਪਾਰਟੀ ਨੇ ਇਸ ਸਾਜਿਸ਼ ਤਹਿਤ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਟੈਂਕਾਂ ਅਤੇ ਤੋਪਾਂ ਨਾਲ ਹਮਲਾ ਕਰਕੇ ਇਹਨਾਂ ਪਾਵਨ ਅਸਥਾਨਾਂ ਨੂੰ ਛਲਨੀ-ਛਲਨੀ ਕੀਤਾ। ਇਥੋਂ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵਿੱਚ ਵੀ ਸਿੱਧੀਆਂ ਗੋਲੀਆਂ ਮਾਰੀਆਂ ਗਈਆਂ।ਪਰ ਅਕਾਲ ਪੁਰਖ ਦੀ ਬਖਸ਼ਿਸ਼ ਸਦਕਾ ਉਪਰੋਕਤ ਪੰਥ ਵਿਰੋਧੀ ਸ਼ਕਤੀਆਂ ਸਿੱਖ ਕੌਮ ਨੂੰ ਖਤਮ ਕਰਨ ਦੇ ਮਨਸੂਬਿਆਂ ਵਿੱਚ ਕਾਮਯਾਬ ਨਾ ਹੋ ਸਕੀਆਂ। ਇਸੇ ਕੜੀ ਤਹਿਤ ਹੁਣ ਪੰਥ ਦੋਖੀ ਸ਼ਕਤੀਆਂ ਵੱਲੋਂ ਜੁਗੋ-ਜੁਗ ਅਟੱਲ ਸ੍ਰੀ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਰਾਹੀਂ ਇਕ ਵਾਰ ਫਿਰ ਸਿੱਖ ਕੌਮ ਦੇ ਖਾਤਮੇ ਲਈ ਡੂੰਘੀਆਂ ਸਾਜਿਸ਼ਾਂ ਰਚੀਆਂ ਜਾ ਰਹੀਆਂ ਹਨ ਜੋ ਬੇਹੱਦ ਦੁਖਦਾਈ ਅਤੇ ਘਾਤਕ ਹਨ। ਅੱਜ ਦੀ ਇਕੱਤਰਤਾ ਸਮੂਹ ਸਿੱਖ ਭਾਈਚਾਰੇ ਨੂੰ ਇਹਨਾਂ ਅੱਤ ਗੰਭੀਰ ਸਾਜਿਸ਼ਾਂ ਖਿਲਾਫ ਹਰ ਤਰ੍ਹਾਂ ਦੀ ਧੜੇਬੰਦੀ ਤੋਂ ਉੱਪਰ ਉੱਠਕੇ ਇਕਜੁੱਟ ਹੋਣ ਅਤੇ ਇਹਨਾਂ ਸਾਜਿਸ਼ਾਂ ਦੇ ਮਨਸੂਬੇ ਫੇਲ੍ਹ ਕਰਨ ਲਈ ਲਾਮਬੰਦ ਹੋਣ ਦੀ ਪੁਰਜੋਰ ਅਪੀਲ ਕਰਦੀ ਹੈ। ਕੋਈ ਵੀ ਤਾਕਤ ਗੁਰਸਿੱਖ ਨੂੰ ਧੁਰ ਕੀ ਬਾਣੀ ਨਾਲੋਂ ਅਲੱਗ ਨਹੀ ਕਰ ਸਕਦੀ। ਸਾਡੀ ਬਖਸ਼ਣਹਾਰ ਦਾਤਾਰ ਦੇ ਚਰਣਾਂ ਵਿੱਚ ਜੋਦੜੀ ਹੈ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਅਤੇ ਅਜਿਹੀਆਂ ਸਾਜਿਸ਼ਾਂ ਰਚਣ ਵਾਲੀਆਂ ਸ਼ਕਤੀਆਂ ਛੇਤੀ ਤੋਂ ਛੇਤੀ ਬੇਨਕਾਬ ਹੋਣ ਅਤੇ ਇਹਨਾਂ ਨੂੰ ਮਸਾਲੀ ਸਜਾ ਮਿਲੇ ਤਾਂ ਜੋ ਸਿੱਖ ਹਿਰਦੇ ਸ਼ਾਂਤ ਹੋ ਸਕਣ।

## ਮਤਾ ਨੰ. ੩

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਦੀ ਇਕੱਤਰਤਾ ਸਾਰੇ ਵਿਸ਼ਵ ਦੇ ਸਾਹਮਣੇ ਇਸ ਇਸ ਗੱਲ ਨੂੰ ਮੁੜ ਦੁਹਰਾਉਂਦੀ ਹੈ ਕਿ ਸਰਬੱਤ ਦਾ ਭਲਾ ਮੰਗਣ ਵਾਲੇ ਸਿੱਖ, ਇਕ ਵੱਖਰੀ ਕੌਮ ਹਨ ਅਤੇ ਸਾਡਾ ਇੱਕ ਅਕਾਲ ਪੁਰਖ 'ਤੇ ਦ੍ਰਿੜ੍ਹ ਨਿਸ਼ਚਾ ਹੈ। ਸਾਡੇ ਗੁਰਧਾਮ, ਸਾਡਾ ਪਹਿਰਾਵਾ, ਸਾਡੀ ਬੋਲੀ, ਸਾਡਾ ਸਭਿਆਚਾਰ ਅਤੇ ਸਾਡੇ ਸੰਸਕਾਰ ਵੱਖਰੇ ਹਨ। ਸਿੱਖ ਧਰਮ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਚਲਾਇਆ ਸੀ ਅਤੇ ਸਿੱਖਾਂ ਦੀ ਵੱਖਰੀ ਹੋਂਦ-ਹਸਤੀ ਬਾਰੇ ਭਾਈ ਗੁਰਦਾਸ ਜੀ ਨੇ 'ਵਾਰ ਪਹਿਲੀ' ਵਿੱਚ ਹੀ ਸਪਸ਼ਟ ਕਰ ਦਿੱਤਾ ਸੀ। "ਮਾਰਿਆ ਸਿਕਾ ਜਗਤਿ ਵਿਚਿ ਨਾਨਕ ਨਿਰਮਲ ਪੰਥ ਚਲਾਇਆ" ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਿੱਖ ਪੰਥ ਨੂੰ ਜਦੋਂ ਖਾਲਸਾ ਕੌਮ ਦੇ ਰੂਪ ਵਿੱਚ ਜਥੇਬੰਦ ਕੀਤਾ ਤਾਂ ਗੁਰੂ ਜੀ ਨੇ ਸਿੱਖ ਦੀ ਨਿਆਰੀ ਰਹਿਣੀ ਅਤੇ ਸਰੂਪ 'ਤੇ ਇਕਰੂਪ ਮੋਹਰ ਲਗਾ ਕੇ ਵੱਖਰੀ ਪਛਾਣ ਵਿੱਚ ਕੋਈ ਭਰਮ-ਭੁਲੇਖਾ ਰਹਿਣ ਹੀ ਨਹੀਂ ਦਿੱਤਾ। ਸਿੱਖ ਕੌਮ ਉਹ ਵਡਭਾਗੀ ਵਿਲੱਖਣ ਕੌਮ ਹੈ ਜਿਸ ਕੋਲ ਮਹਾਨ ਗੁਰੂ ਸਾਹਿਬਾਨ ਦੁਆਰਾ ਖੁਦ ਆਪ ਰਚਿਆ ਧੁਰ ਕੀ ਬਾਣੀ ਦਾ ਅਨਮੋਲ ਖਜਾਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਵਿੱਚ ਮੌਜੂਦ ਹੈ ਜਿਸ ਨੂੰ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਪੂਰਨਤਾ ਬਖਸ਼ੀ ਅਤੇ "ਪਰਗਟਿ ਗੁਰਾ ਕੀ ਦੇਹ" ਦਾ ਖਿਤਾਬ ਦੇ ਕੇ ਗੁਰਗੱਦੀ ਬਖਸ਼ੀ।

## ਮਤਾ ਨੰ. ੪

ਅੱਜ ਵਿਸ਼ਵ ਭਰ 'ਚ ਵੱਸਦੀ ਸਿੱਖ ਕੌਮ ਆਪਣੀ ਵੱਖਰੀ ਪਛਾਣ ਦੇ ਸੰਕਟ ਦਾ ਸਾਹਮਣਾ

ਕਰ ਰਹੀ ਹੈ। ਦੁਨੀਆ ਭਰ ਦੇ ਵੱਖ-ਵੱਖ ਮੁਲਕਾਂ ਅੰਦਰ ਵੱਸਦੇ ਸਿੱਖ ਭਾਵੇਂ ਆਰਥਿਕ, ਰਾਜਨੀਤਕ ਅਤੇ ਸਮਾਜਿਕ ਤੌਰ 'ਤੇ ਮਾਣਮੱਤਾ ਜੀਵਨ ਬਸਰ ਕਰ ਰਹੇ ਹਨ ਪਰ ਅਨੇਕਾਂ ਵਾਰ ਵੱਖ-ਵੱਖ ਦੇਸ਼ਾ ਅਤੇ ਹਵਾਈ ਅੱਡਿਆਂ ਉੱਤੇ ਸਿੱਖਾਂ ਨੂੰ ਪਛਾਣ ਦੇ ਭੁਲੇਖੇ ਕਾਰਨ ਨਸਲੀ ਵਿਤਕਰਿਆਂ ਅਤੇ ਹਮਲਿਆਂ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਪਿਛਲੇ ਸਮਿਆਂ ਦੌਰਾਨ ਬਹੁਤ ਸਾਰੇ ਦੇਸ਼ਾਂ 'ਚ ਇਸੇ ਭੁਲੇਖੇ ਕਾਰਨ ਸਿੱਖਾਂ 'ਤੇ ਕਾਤਲਾਨਾ ਹਮਲੇ ਹੋਏ ਹਨ ਅਤੇ ਕਈ ਥਾਈਂ ਨਸਲਵਾਦੀ ਲੋਕਾਂ ਵੱਲੋਂ ਗੁਰਦੁਆਰਾ ਸਾਹਿਬਾਨਾ ਨੂੰ ਵੀ ਆਪਣਾ ਨਿਸ਼ਾਨ ਬਣਾਇਆ ਗਿਆ ਹੈ। ਅੱਜ ਦੀ ਇਹ ਇਤਿਹਾਸਕ ਇਕੱਤਰਤਾ ਦੇਸ਼-ਵਿਦੇਸ਼ ਵਿੱਚ ਸਿੱਖਾਂ ਪ੍ਰਤੀ ਵਾਪਰ ਰਹੇ ਇਸ ਨਫ਼ਰਤ ਭਰੇ ਵਰਤਾਰੇ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕਰਦੀ ਹੋਈ ਇਸ ਨੂੰ ਸਿੱਖ ਭਾਈਚਾਰੇ ਦੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕਰਾਰ ਦਿੰਦੀ ਹੈ। ਇਹ ਇਕੱਤਰਤਾ ਭਾਰਤ ਸਰਕਾਰ ਨੂੰ ਵੀ ਅਪੀਲ ਕਰਦੀ ਹੈ ਕਿ ਉਹ ਸਰਕਾਰੀ ਪੱਧਰ 'ਤੇ ਵੱਖ-ਵੱਖ ਦੇਸ਼ਾਂ ਨਾਲ ਸੰਪਰਕ ਸਾਧ ਕੇ ਸਿੱਖਾਂ ਦੇ ਵੱਖਰੇ ਧਰਮ ਅਤੇ ਵੱਖਰੀ ਕੌਮੀਅਤ ਬਾਰੇ ਜਾਣਕਾਰੀ ਪਹੁੰਚਾਉਣ ਵਿੱਚ ਸਹਾਇਤਾ ਕਰੇ ਤਾਂ ਜੋ ਵੱਖ-ਵੱਖ ਦੇਸ਼ਾਂ 'ਚ ਕੌਮੀਅਤ ਦੇ ਭੁਲੇਖੇ ਕਾਰਨ ਸਿੱਖਾਂ 'ਤੇ ਹੁੰਦੇ ਹਮਲਿਆਂ ਦੇ ਵਰਤਾਰੇ ਨੂੰ ਠੱਲ੍ਹਿਆ ਜਾ ਸਕੇ ਅਤੇ ਅਮਨਪਸੰਦ ਤੇ ਸਰਬੱਤ ਦਾ ਭਲਾ ਮੰਗਣ ਵਾਲੇ ਸਿੱਖ ਦੁਨੀਆਂ ਦੇ ਵੱਖ-ਵੱਖ ਹਿੱਸਿਆਂ 'ਚ ਵਸੱਦੇ ਹੋਏ ਉਥੋਂ ਦੀ ਸਰਬਪੱਖੀ ਉੱਨਤੀ ਵਿੱਚ ਆਪੋ ਆਪਣਾ ਯੋਗਦਾਨ ਪਾ ਸਕਣ।

## ਮਤਾ ਨੰ. ੫

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਦੀ ਇਕੱਤਰਤਾ ਇਸ ਗੱਲ 'ਤੇ ਗਹਿਰੀ ਚਿੰਤਾ ਪ੍ਰਗਟ ਕਰਦੀ ਹੈ ਕਿ ਅੱਜ ਵੀ ਸਾਡਾ ਸਮਾਜ ਜਾਤ-ਪਾਤ ਅਤੇ ਉਚ-ਨੀਚ ਦੇ ਕੋਹੜ ਤੋਂ ਪੂਰੀ ਤਰ੍ਹਾਂ ਮੁਕਤ ਨਹੀਂ ਹੋ ਸਕਿਆ। ਅੱਜ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਦੁਨੀਆਂ ਦੇ ਵੱਖ-ਵੱਖ ਦੇਸ਼ਾ ਵਿੱਚ ਜਾਤ, ਨਸਲ, ਰੰਗ ਅਤੇ ਇਲਾਕਿਆਂ ਦੇ ਆਧਾਰ 'ਤੇ ਵਿਤਕਰਿਆਂ ਦੀਆਂ ਮੰਦਭਾਗੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ, ਜੋ ਕਿ ਅਜੋਕੇ ਵਿਸ਼ਵ ਭਾਈਚਾਰੇ ਅੱਗੇ ਦਰਪੇਸ਼ ਇੱਕ ਬਹੁਤ ਵੱਡੀ ਚੁਣੌਤੀ ਹੈ। ਇਸ ਚੁਣੌਤੀ ਦਾ ਮੁਕਾਬਲਾ ਗੁਰੁ ਆਸ਼ੇ ਅਤੇ ਗੁਰੂ ਸਿਧਾਂਤਾਂ ਮ੍ਤਾਬਿਕ ਹੀ ਕੀਤਾ ਜਾ ਸਕਦਾ ਹੈ। ਇਸ ਲਈ ਅੱਜ ਦੀ ਇਹ ਇਕੱਤਰਤਾ ਸਮੁੱਚੀ ਮਾਨਵਤਾ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਤੇ ਚਲਦਿਆਂ ਪੁਰਜੋਰ ਅਪੀਲ ਕਰਦੀ ਹੈ ਕਿ ਜਾਤ-ਪਾਤ, ਊਚ-ਨੀਚ, ਰੰਗ, ਨਸਲ ਆਦਿ ਵਖਰੇਵਿਆਂ ਤੋਂ ਉਪਰ ਉਠ ਕੇ ਇੱਕ ਅਜਿਹੇ ਆਦਰਸ਼ਕ ਸਮਾਜ ਦੀ ਸਿਰਜਣਾ ਕੀਤੀ ਜਾਵੇ ਜਿਸ ਵਿੱਚ ਹਰ ਵਿਅਕਤੀ ਇੱਜ਼ਤ ਅਤੇ ਮਾਣ-ਸਨਮਾਨ ਦੀ ਜਿੰਦਗੀ ਜੀਅ ਸਕੇ। ਇਸ ਮੰਤਵ ਦੀ ਪ੍ਰਾਪਤੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਆਪਣਾ ਪੂਰਨ ਯੋਗਦਾਨ ਪਾਵੇਗੀ।

## ਮਤਾ ਨੰ. ੬

ਅੱਜ ਸਾਡਾ ਸਮਾਜ ਬਹੁਤ ਸਾਰੀਆਂ ਕੁਰੀਤੀਆਂ ਦਾ ਸ਼ਿਕਾਰ ਹੋ ਚੁੱਕਾ ਹੈ। ਇਹ ਆਰਥਿਕ ਸਮੱਸਿਆਵਾਂ ਦੇ ਨਾਲ-ਨਾਲ ਸਮਾਜਿਕ ਬੁਰਾਈਆਂ ਦਾ ਵੀ ਕਾਰਨ ਬਣ ਰਹੀਆਂ ਹਨ। ਗਰੀਬੀ ਅਤੇ ਬੇਰੁਜਗਾਰੀ ਵਰਗੀਆਂ ਸਮੱਸਿਆਵਾਂ ਦਿਨੋ-ਦਿਨ ਗੰਭੀਰ ਰੂਪ ਅਖਤਿਆਰ ਕਰ ਰਹੀਆਂ ਹਨ। ਸਾਡੇ ਲੋਕਾਂ ਅੰਦਰ ਦੇਖਾ-ਦੇਖੀ ਵਿਆਹਾਂ-ਸ਼ਾਦੀਆਂ ਅਤੇ ਹੋਰ ਸਮਾਜਿਕ ਸਮਾਗਮਾਂ 'ਚ ਇਕ ਦੂਜੇ ਨਾਲੋਂ ਵੱਧ ਚੜ੍ਹ ਕੇ ਫਜ਼ੂਲ ਖਰਚੀ ਕਾਰਨ ਬਹੁਤੇ ਲੋਕ ਕਰਜ਼ਿਆਂ ਦੇ ਬੋਝ ਹੇਠ ਦੱਬੇ ਜਾਂਦੇ ਹਨ। ਇਸ ਰੁਝਾਨ ਕਰਕੇ ਹੀ ਭਰੂਣ ਹੱਤਿਆ ਬਹੁਤ ਹੋਣ ਲੱਗ ਗਈਆਂ ਹਨ। ਫਜ਼ੂਲ ਖਰਚੀ ਦੇ ਗਲਤ ਸਮਾਜਿਕ ਰੁਝਾਨ ਕਾਰਨ ਪੰਜਾਬ ਦਾ ਕਿਸਾਨ, ਵਪਾਰੀ, ਮੁਲਾਜ਼ਮ ਅਤੇ ਕਿਰਤੀ ਵਰਗ ਆਦਿ ਅਸੰਤੁਸ਼ਟੀ ਅਤੇ ਬੇਚੈਨੀ ਵਾਲੀ ਜਿੰਦਗੀ ਜੀਅ ਰਿਹਾ ਹੈ। ਸਾਡਾ ਵਿਸ਼ਵਾਸ ਹੈ ਕਿ ਦਸ ਗੁਰੂ ਸਾਹਿਬਾਨ ਵੱਲੋਂ ਦਰਸਾਏ ਗੁਰਮਤਿ ਫਲਸਫੇ ਅੰਦਰ ਹਰੇਕ ਸਮੱਸਿਆ ਦਾ ਹੱਲ ਮੌਜੂਦ ਹੈ। ਇਸ ਬੇਚੈਨੀ ਅਤੇ ਨਾ-ਬਰਾਬਰੀ ਨੂੰ ਦੂਰ ਕਰਨ

ਲਈ ਗੁਰੂ ਸਾਹਿਬਾਨ ਵੱਲੋਂ ਦਰਸਾਈ ਸਾਦਗੀ ਵਾਲੀ ਜੀਵਨ-ਜਾਚ ਨੂੰ ਅਪਨਾਉਣ ਦੀ ਬਹੁਤ ਵੱਡੀ ਲੋੜ ਹੈ। ਇਹ ਇਕੱਤਰਤਾ ਸਮੂਹ ਧਾਰਮਿਕ, ਸਮਾਜਿਕ, ਵਪਾਰਕ, ਰਾਜਨੀਤਕ ਜਥੇਬੰਦੀਆਂ, ਪਿੰਡਾਂ ਦੀਆਂ ਪੰਚਾਇਤਾਂ, ਲੇਖਕਾਂ, ਬੁੱਧੀਜੀਵੀਆਂ ਅਤੇ ਸਮਾਜ ਦੇ ਹੋਰ ਸਾਰੇ ਵਰਗਾਂ ਨੂੰ ਪੂਰਜ਼ੋਰ ਅਪੀਲ ਕਰਦੀ ਹੈ ਕਿ ਉਹ ਸਮਾਜ ਅੰਦਰ ਸਾਦੇ ਰੀਤੀ ਰਿਵਾਜਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਮਾਜ ਸੁਧਾਰ ਲਹਿਰ ਦੀ ਸਿਰਜਣਾ ਕਰਨ ਲਈ ਅੱਗੇ ਆਉਣ ਤਾਂ ਜੋ ਇੱਕ ਚੰਗੇ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

## ਮਤਾ ਨੰ. ੭

ਅੱਜ ਦੀ ਇਕੱਤਰਤਾ ਪੁਰਜੋਰ ਮੰਗ ਕਰਦੀ ਹੈ ਕਿ ਪੰਜਾਬ ਅਤੇ ਦੇਸ਼ ਦੀਆਂ ਵੱਖ ਵੱਖ ਜੇਲਾਂ ਵਿੱਚ ਨਜਰਬੰਦ ਅਤੇ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਸਾਰੇ ਸਿੱਖ ਕੈਦੀਆਂ ਨੂੰ ਤੁਰੰਤ ਰਿਹਾ ਕੀਤਾ ਜਾਵੇ। ਇਹ ਇਕਤੱਰਤਾ ਇਸ ਗੱਲ ਉਪਰ ਗਹਿਰੀ ਚਿੰਤਾ ਅਤੇ ਰੋਸ ਦਾ ਪ੍ਰਗਟਾਵਾ ਕਰਦੀ ਹੈ ਕਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾਂ ਪ੍ਰਕਾਸ਼ ਪੁਰਬ ਸਮੇਂ ਸਦਭਾਵਨਾਂ ਤਹਿਤ ਕੇਂਦਰ ਸਰਕਾਰ ਨੇ ਜਿਨ੍ਹਾਂ ਸਿੱਖ ਕੈਦੀਆਂ ਦੀ ਰਿਹਾਈ ਦੇ ਹੁਕਮਾਂ ਦੇ ਵੱਡੇ ਐਲਾਨ ਕੀਤੇ ਸਨ ਉਹਨਾਂ ਨੂੰ ਅਮਲੀ ਜਾਮਾਂ ਨਹੀਂ ਪਹਿਨਾਇਆ ਗਿਆ। ਇਸ ਨਾਲ ਸਮੁੱਚੇ ਸਿੱਖ ਜਗਤ ਵਿੱਚ ਰੋਹ ਅਤੇ ਬੇਭਰੋਸਗੀ ਦੀ ਭਾਵਨਾ ਪੈਦਾ ਹੋਈ ਹੈ। ਇਹ ਇਕੱਤਰਤਾ ਕੇਂਦਰ ਅਤੇ ਸੂਬਾ ਸਰਕਾਰ ਨੂੰ ਫਿਰ ਜੋਰ ਦੇ ਕੇ ਕਹਿੰਦੀ ਹੈ ਕਿ ਮਾਨਵੀ ਆਧਾਰ 'ਤੇ ਉਪਰੋਕਤ ਸਮੂਹ ਕੈਦੀਆਂ ਨੂੰ ਤੁਰੰਤ ਰਿਹਾ ਕੀਤਾ ਜਾਵੇ।

## ਮਤਾ ਨੰ. ੮

ਸਿੱਖਾਂ ਦੀ ਸਿਰਮੌਰ ਅਤੇ ਲੋਕਤੰਤਰੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸੌ ਸਾਲਾ ਸਥਾਪਨਾ ਦਿਵਸ ਮੌਕੇ ਜੁੜਿਆ ਅੱਜ ਦਾ ਇਹ ਪੰਥਕ ਇਕੱਠ ਇਸ ਮਹਾਨ ਸੰਸਥਾ ਦੇ ਦਾਇਰੇ ਨੂੰ ਘਟਾਉਣ ਲਈ ਪੰਥ ਵਿਰੋਧੀਆ ਵੱਲੋਂ ਚੱਲੀਆਂ ਜਾ ਰਹੀਆਂ ਚਾਲਾਂ ਦਾ ਸਖਤ ਵਿਰੋਧ ਕਰਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਪਿੱਛੇ ਵੱਡੀਆਂ ਕੁਰਬਾਨੀਆਂ ਦਾ ਇਤਿਹਾਸ ਹੈ। ਪ੍ਰੰਤੂ ਪੰਥ ਵਿਰੋਧੀ ਸ਼ਕਤੀਆਂ ਸਿੱਖ ਸੰਸਥਾਵਾਂ ਤੇ ਪ੍ਰੰਪਰਾਵਾ ਨੂੰ ਲੜੀਵਾਰ ਕਮਜ਼ੋਰ ਕਰਨ ਦੀ ਨੀਤੀ ਹੇਠ ਚਲਦਿਆਂ ਸੰਨ ੨੦੧੪ ਵਿੱਚ ਹਰਿਆਣਾ ਦੀ ਕਾਂਗਰਸ ਸਰਕਾਰ ਨੇ ਇੱਕ ਗੈਰ ਕਾਨੂੰਨੀ ਢੰਗ ਨਾਲ ਫਰਜ਼ੀ ਕਾਨੂੰਨ ਬਣਾਕੇ ਇਸ ਸੰਸਥਾ ਦਾ ਦਾਇਰਾ ਛੋਟਾ ਕਰਨ ਦੀ ਘਿਨੌਣੀ ਕਾਰਵਾਈ ਕੀਤੀ ਜਿਸਦੀ ਅੱਜ ਦਾ ਪੰਥਕ ਇੱਕਠ ਕਰੜੀ ਨਿੰਦਿਆ ਕਰਦਾ ਹੋਇਆ ਇਸਨੂੰ ਪੂਰਨ ਤੌਰ ਤੇ ਰੱਦ ਕਰਦਾ ਹੈ। ਇਹ ਵੀ ਚਿਤਾਵਨੀ ਦਿੰਦਾ ਹੈ ਕਿ ਸਿੱਖ ਕੌਮ ਇਸ ਤਰ੍ਹਾਂ ਦੀਆਂ ਕੋਸ਼ਿਸ਼ਾ ਨੂੰ ਭਵਿੱਖ ਵਿੱਚ ਕਦੇ ਕਾਮਯਾਬ ਨਹੀਂ ਹੋਣ ਦੇਵੇਗੀ।

## ਮਤਾ ਨੰ. ੯

੧੯੮੪ ਵਿੱਚ ਉਸ ਵੇਲੇ ਦੀ ਕਾਂਗਰਸ ਸਰਕਾਰ ਦੇ ਹੁਕਮਾਂ ਤੇ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉਪਰ ਟੈਂਕਾਂ ਅਤੇ ਤੋਪਾ ਨਾਲ ਫੌਜੀ ਹਮਲਾ ਕੀਤਾ ਗਿਆ ਅਤੇ ਉਪਰੋਕਤ ਦੋਵਾਂ ਪਾਵਨ ਸਥਾਨਾਂ ਨੂੰ ਢਹਿ ਢੇਰੀ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਹਿਰਦੇ ਵੇਧਕ ਕਾਰਵਾਈ ਨਾਲ ਜਿਥੇ ਸਾਰੇ ਸਿੱਖ ਜਗਤ ਦੇ ਹਿਰਦੇ ਵਲੂੰਧਰੇ ਗਏ, ਉਥੇ ਭਾਰਤੀ ਫੌਜ ਵਿੱਚ ਸੇਵਾਵਾਂ ਦੇ ਰਹੇ ਸਿੱਖ ਫੌਜੀ ਵੀ ਆਪਣੀਆਂ ਭਾਵਨਾਵਾਂ ਨੂੰ ਕਾਬੂ ਵਿੱਚ ਨਾ ਰੱਖ ਸਕੇ ਅਤੇ ਜ਼ਜ਼ਬਾਤੀ ਹੋ ਕੇ ਬੈਰਿਕਾਂ ਛੱਡ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਰਾਖੀ ਲਈ ਆਪਣੀਆਂ ਨੌਕਰੀਆਂ ਦੀ ਪਰਵਾਹ ਨਾ ਕਰਦੇ ਸਮੇਂ ਵਹੀਰਾਂ ਘੱਤ ਕੇ ਚੱਲ ਪਏ। ਇਹ ਇਕੱਤਰਤਾਂ ਇਸ ਗੱਲ ਤੇ ਦ੍ਰਿੜ ਹੈ ਕਿ ਧਰਮੀ ਫੌਜੀਆਂ ਦਾ ਇਹ ਵਰਤਾਰਾ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਸੱਟ ਵੱਜਣ ਕਰਕੇ ਹੀ ਸੀ।

ਭਾਰਤੀ ਫੌਜ ਅਤੇ ਕੇਂਦਰ ਸਰਕਾਰ ਵੱਲੋਂ ਉਹਨਾਂ ਖਿਲਾਫ ਲਿਆ ਗਿਆ ਐਕਸ਼ਨ ਕੁਦਰਤੀ ਇਨਸਾਫ ਦੇ ਅਨੁਕੂਲ ਨਹੀਂ ਹੈ। ਇਸ ਲਈ ਇਹ ਇਕੱਤਰਤਾ ਮੰਗ ਕਰਦੀ ਹੈ ਕਿ ਇਹ ਫੈਸਲਾ ਰੱਦ ਕਰਕੇ ਉਹਨਾਂ ਦਾ ਕੇਸ ਹਮਦਰਦੀ ਨਾਲ ਮੁੜ ਵਿਚਾਰਿਆਂ ਜਾਵੇ ਅਤੇ ਉਹਨਾਂ ਨੂੰ ਸੇਵਾ ਨਿਯਮਾਂ ਮੁਤਾਬਿਕ ਸਾਰੇ ਹੱਕ ਦਿੱਤੇ ਜਾਣ।

## ਮਤਾ ਨੰ. ੧੦

ਭਾਰਤ ਇੱਕ ਵਿਸ਼ਾਲ ਬਹੁ ਧਰਮੀ ਅਤੇ ਬਹੁ ਭਾਸ਼ਾਈ ਦੇਸ਼ ਹੈ ਜਿਸ ਵਿੱਚ ਵੱਖ-ਵੱਖ ਸੂਬਿਆਂ ਵਿੱਚ ਅਲੱਗ-ਅਲੱਗ ਸਭਿਆਚਾਰਾਂ, ਕਿੱਤਿਆਂ ਅਤੇ ਵਰਗਾ ਦੇ ਲੋਕ ਰਹਿੰਦੇ ਹਨ। ਦੇਸ਼ ਦੇ ਸੰਵਿਧਾਨ ਘਾੜਿਆਂ ਨੇ ਸੰਵਿਧਾਨ ਦਾ ਨਿਰਮਾਣ ਕਰਦੇ ਹੋਏ ਇਸ ਗੱਲ ਨੂੰ ਯਕੀਨੀ ਬਣਾਇਆ ਸੀ ਕਿ ਬਹੁਗਿਣਤੀ ਦੇ ਨਾਲਨਾਲ ਦੇਸ਼ ਦੀਆਂ ਘੱਟ ਗਿਣਤੀਆਂ ਵੀ ਸੰਪੂਰਨ ਆਜਾਦੀ ਨਾਲ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਰਬਪੱਖੀ ਵਿਕਾਸ ਵਿੱਚ ਹਿੱਸਾ ਪਾ ਸਕਣ ਅਤੇ ਬਿਨਾਂ ਡਰ-ਭੈਅ ਦੇ ਸਵੈਮਾਣ ਨਾਲ ਜਿੰਦਗੀ ਬਤੀਤ ਕਰ ਸਕਣ। ਹਰ ਇੱਕ ਨੂੰ ਧਾਰਮਿਕ ਤੌਰ 'ਤੇ ਵੀ ਪੂਰਨ ਅਜ਼ਾਦੀ ਹੋਵੇ ਅਤੇ ਦੇਸ਼ ਦੇ ਹਰ ਖਿੱਤੇ ਵਿੱਚ ਧਾਰਮਿਕ ਸਹਿਣਸ਼ੀਲਤਾ ਦਾ ਵਾਤਾਵਰਣ ਹੋਵੇ। ਹਰ ਔਰਤ ਅਤੇ ਮਰਦ ਨੂੰ ਬਰਾਬਰੀ ਦੇ ਅਧਿਕਾਰ ਹੋਣ। ਊਚ-ਨੀਚ ਅਤੇ ਛੂਤ-ਛਾਤ ਨੂੰ ਸੰਵਿਧਾਨਿਕ ਕਦਰਾ-ਕੀਮਤਾ ਰਾਹੀਂ ਮੁਕੰਮਲ ਤੌਰ ਤੇ ਨਕਾਰਿਆ ਗਿਆ। ਪਰ ਪਿਛਲੇ ਕੁੱਝ ਸਮਿਆ ਤੋਂ ਇਹ ਮਹਿਸੂਸ ਕੀਤਾ ਜਾ ਰਿਹਾ ਹੈ ਕਿ ਦੇਸ਼ ਵਿੱਚ ਧਾਰਮਿਕ ਸਹਿਣਸ਼ੀਲਤਾ ਘੱਟ ਰਹੀ ਹੈ ਅਤੇ ਘੱਟ ਗਿਣਤੀਆਂ ਵਿੱਚ ਅਸੁਰੱਖਿਆ ਦੀ ਭਾਵਨਾ ਪ੍ਰਬਲ ਹੋ ਰਹੀ ਹੈ ਜੋ ਕਿ ਕਿਸੇ ਵੀ ਸੱਭਿਅਕ ਸਮਾਜ ਲਈ ਸ਼ੁਭ ਸੰਕੇਤ ਨਹੀਂ ਕਿਹਾ ਜਾ ਸਕਦਾ। ਅੱਜ ਦੀ ਇਹ ਇਕੱਤਰਤਾ ਮੰਗ ਕਰਦੀ ਹੈ ਕਿ ਇਸ ਨਾਂਹ ਪੱਖੀ ਪ੍ਰਵਿਰਤੀ ਨੂੰ ਤੁਰੰਤ ਰੋਕਿਆ ਜਾਵੇ ਅਤੇ ਦੇਸ਼ ਦੀ ਏਕਤਾ ਅਤੇ ਮਜ਼ਬੂਤੀ ਲਈ ਘੱਟ ਗਿਣਤੀਆ ਦੇ ਹੱਕਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ।

## ਮਤਾ ਨੰ. ੧੧

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਵਸ ਮੌਕੇ ਜੁੜਿਆਂ ਅੱਜ ਦਾ ਇਹ ਪੰਥਕ ਇਕੱਠ ਭਾਰਤ ਸਰਕਾਰ ਵੱਲੋਂ ਪਾਸ ਕੀਤੇ ਗਏ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਨੂੰ ਕਿਸਾਨ ਮਾਰੂ ਕਰਾਰ ਦਿੰਦਿਆਂ ਇਨ੍ਹਾਂ ਨੂੰ ਵਾਪਸ ਲੈਣ ਦੀ ਅਪੀਲ ਕਰਦਾ ਹੈ। ਕੇਂਦਰ ਸਰਕਾਰ ਵੱਲੋਂ ਬਣਾਏ ਗਏ ਇਹ ਤਿੰਨ ਕਾਨੂੰਨ ਦੇਸ਼ ਦੀ ਕਿਸਾਨੀ ਨੂੰ ਦਬਾਉਣ ਅਤੇ ਬਰਬਾਦ ਕਰਨ ਵਾਲੇ ਹਨ, ਜਿਸ ਨਾਲ ਪੂਰੇ ਦੇਸ਼ ਕਿਸਾਨਾਂ ਅੰਦਰ ਭਾਰੀ ਵਿਰੋਧ ਅਤੇ ਗੁੱਸੇ ਦੀ ਲਹਿਰ ਪਾਈ ਜਾ ਰਹੀ ਹੈ। ਇਸ ਨੂੰ ਲੈ ਕੇ ਕਿਸਾਨਾਂ ਵੱਲੋਂ ਬੀਤੇ ਕਈ ਦਿਨਾਂ ਤੋਂ ਸੰਘਰਸ਼ ਜਾਰੀ ਹੈ। ਇਨ੍ਹਾਂ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਨਾਲ ਸਭ ਤੋਂ ਵੱਧ ਪੰਜਾਬ ਅਤੇ ਹਰਿਆਣੇ ਦੇ ਕਿਸਾਨ ਪ੍ਰਭਾਵਿਤ ਹੋਣਗੇ। ਦੇਸ਼ ਦੇ ਕਿਸਾਨਾਂ ਨੇ ਸੱਪਾਂ ਦੀਆਂ ਸਿਰੀਆਂ ਮਿੱਧ ਕੇ ਨੰਗੇ ਧੜ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਦੇਸ਼ ਲੋਕਾਂ ਦਾ ਢਿੱਡ ਭਰਿਆ ਹੈ ਅਤੇ ਅਨਾਜ ਦੇ ਮਾਮਲੇ 'ਚ ਭਾਰਤ ਨੂੰ ਆਤਮ ਨਿਰਭਰ ਬਣਾਇਆ। ਜੇਕਰ ਕਿਸਾਨੀ ਹੀ ਖੁਸ਼ਹਾਲ ਨਾ ਰਹੀ, ਤਾਂ ਇਸ ਦਾ ਅਸਰ ਦੇਸ਼ ਦੇ ਹਰ ਵਰਗ 'ਤੇ ਪੈਣਾ ਸੁਭਾਵਿਕ ਹੈ। ਕਿਸਾਨ ਦੇਸ਼ ਦੇ ਅੰਨਦਾਤਾ ਵੱਜੋਂ ਜਾਣਿਆ ਜਾਂਦਾ ਹੈ, ਇਸ ਲਈ ਕਿਸਾਨਾਂ ਦੀ ਬਾਂਹ ਫੜ੍ਹਨਾ ਸਰਕਾਰਾਂ ਦਾ ਪਹਿਲਾਂ ਫ਼ਰਜ਼ ਹੈ। ਪਰੰਤੂ ਕੇਂਦਰ ਸਰਕਾਰ ਦਾ ਕਿਸਾਨਾਂ ਪ੍ਰਤੀ ਅੜੀਅਲ ਰਵੱਈਆ ਗੁਰੂ ਸਾਹਿਬਾਨ ਦੇ ਕਿਰਤ ਦੇ ਸਿਧਾਂਤ ਨੂੰ ਸਮਰਪਿਤ ਕਿਸਾਨੀ ਨੂੰ ਖਤਮ ਕਰਨ ਵਾਲਾ ਹੈ। ਇਹ ਕੇਂਦਰ ਦਾ ਰਵੱਈਆਂ ਪੰਜਾਬ ਨੂੰ ਆਰਥਿਕ ਤਬਾਹੀ ਵੱਲ ਧੱਕ ਰਿਹਾ ਹੈ। ਅੱਜ ਦਾ ਇਹ ਪੰਥਕ ਇਕੱਠ ਕਿਸਾਨੀ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਦੀ ਪੁਰਜ਼ੋਰ ਹਮਾਇਤ ਕਰਦਾ ਹੈ ਅਤੇ ਗੁਰੂ ਸਾਹਿਬ ਅੱਗੇ ਅਰਦਾਸ ਕਰਦਾ ਹੈ ਕਿ ਉਹ ਕਿਸਾਨਾਂ ਦੇ ਸੰਘਰਸ਼ ਵਿੱਚ ਅੰਗ ਸੰਗ ਸਹਾਈ ਹੋਣ।

**ਸਮਾਗਮ ਦੌਰਾਨ ਹਾਜ਼ਰ ਰਹੀਆਂ ਰਾਜਨੀਤਕ ਸ਼ਖ਼ਸੀਅਤਾਂ**: ਸਮਾਗਮ ਦੌਰਾਨ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ, ਜਥੇਦਾਰ ਤੋਤਾ ਸਿੰਘ, ਸ. ਬਲਵਿੰਦਰ ਸਿੰਘ ਭੂੰਦੜ, ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ, ਬੀਬੀ ਜਗੀਰ ਕੌਰ, ਸ. ਦਲਜੀਤ ਸਿੰਘ ਚੀਮਾ, ਸ. ਅਵਤਾਰ ਸਿੰਘ ਹਿੱਤ, ਭਾਈ ਰਜਿੰਦਰ ਸਿੰਘ ਮਹਿਤਾ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਹਰਜਿੰਦਰ ਸਿੰਘ ਧਾਮੀ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਬੀਬੀ ਕੁਲਦੀਪ ਕੌਰ ਟੌਹੜਾ, ਸ. ਦਰਬਾਰਾ ਸਿੰਘ ਗੁਰੂ, ਸ. ਸਿਕੰਦਰ ਸਿੰਘ ਮਲੂਕਾ, ਸ. ਨਿਰਮਲ ਸਿੰਘ ਕਾਹਲੋਂ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਸ. ਵੀਰ ਸਿੰਘ ਲੋਪੋਕੇ, ਸ. ਸ਼ਰਨਜੀਤ ਸਿੰਘ ਢਿੱਲੋਂ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜਿੰਦਰ ਸਿੰਘ ਸਿਰਸਾ, ਸ. ਮਹੇਸ਼ਇੰਦਰ ਸਿੰਘ ਗਰੇਵਾਲ, ਡਾ. ਦਲਬੀਰ ਸਿੰਘ ਵੇਰਕਾ, ਸ. ਗਗਨਜੀਤ ਸਿੰਘ ਬਰਨਾਲਾ, ਸ. ਮਲਕੀਤ ਸਿੰਘ ਏ.ਆਰ., ਸ. ਲਖਬੀਰ ਸਿੰਘ ਲੋਧੀ ਨੰਗਲ, ਸ. ਦਿਲਰਾਜ ਸਿੰਘ ਭੂੰਦੜ, ਸ. ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ. ਪ੍ਰਕਾਸ਼ ਸਿੰਘ ਭੱਟੀ, ਸ. ਹੀਰਾ ਸਿੰਘ ਗਾਬੜੀਆਂ, ਸ. ਜਨਮੇਜਾ ਸਿੰਘ ਸੇਖੋਂ, ਸ. ਸੁਰਜੀਤ ਸਿੰਘ ਰੱਖੜਾ, ਜਥੇਦਾਰ ਤੀਰਥ ਸਿੰਘ ਮਾਹਲਾ, ਸ. ਜਗਮੀਤ ਸਿੰਘ ਬਰਾੜ, ਸ. ਗੁਲਜ਼ਾਰ ਸਿੰਘ ਮੂਨਕ, ਸ. ਮਨਤਾਰ ਸਿੰਘ ਬਰਾੜ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਨਵਇੰਦਰ ਸਿੰਘ ਲੌਂਗੋਵਾਲ, ਸ. ਜਗਸੀਰ ਸਿੰਘ ਚੇਅਰਮੈਨ, ਸ. ਸਰਬਜੀਤ ਸਿੰਘ ਮੱਕੜ, ਸ. ਗੁਰਬਚਨ ਸਿੰਘ ਬੱਬੇਹਾਲੀ, ਸ. ਤਲਵਿੰਦਰ ਸਿੰਘ ਬੁੱਟਰ, ਸ੍ਰੀ ਕਬੀਰ ਦਾਸ ਨਾਭਾ, ਸ. ਸਤਬੀਰ ਸਿੰਘ ਖੱਟੜਾ, ਸ. ਹਰਿੰਦਰਪਾਲ ਸਿੰਘ ਟੌਹੜਾ, ਸ੍ਰੀ ਐਨ.ਕੇ. ਸ਼ਰਮਾ, ਸ. ਅਰਵਿੰਦਰ ਸਿੰਘ ਰਸੂਲਪੁਰ, ਸ. ਹਰਮੀਤ ਸਿੰਘ ਕਾਲਕਾ, ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਭਗਵੰਤ ਸਿੰਘ ਸਿਆਲਕਾ, ਸ. ਰਾਮ ਸਿੰਘ, ਭਾਈ ਮਨਜੀਤ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਹਰਪਾਲ ਸਿੰਘ ਜੱਲ੍ਹਾ, ਸ. ਗੁਰਮੀਤ ਸਿੰਘ ਬੂਹ, ਭਾਈ ਅਮਰਜੀਤ ਸਿੰਘ ਚਾਵਲਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਸਤਵਿੰਦਰ ਸਿੰਘ ਟੌਹੜਾ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਪਰਮਜੀਤ ਸਿੰਘ ਖਾਲਸਾ, ਸ. ਦਲਜੀਤ ਸਿੰਘ ਭਿੰਡਰ, ਸ. ਹਰਿੰਦਰ ਸਿੰਘ ਰਣੀਆ, ਸ. ਕੁਲਦੀਪ ਸਿੰਘ ਨੱਸੂਪੁਰ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਜੋਧ ਸਿੰਘ ਸਮਰਾ, ਸ. ਅਮਰੀਕ ਸਿੰਘ ਵਿਛੋਆ, ਬੀਬੀ ਜੁਗਿੰਦਰ ਕੌਰ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਤਲਬੀਰ ਸਿੰਘ ਗਿੱਲ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਬਲਦੇਵ ਸਿੰਘ ਮਾਨ, ਬਾਬਾ ਟੇਕ ਸਿੰਘ ਧਨੌਲਾ ਬਰਨਾਲਾ, ਸ. ਬਲਦੇਵ ਸਿੰਘ ਚੂੰਘਾ, ਸ. ਗੁਰਪ੍ਰਤਾਪ ਸਿੰਘ ਵਡਾਲਾ, ਸ. ਜੋਗਰਾਜ ਸਿੰਘ ਅਮਰੀਕਾ, ਜਥੇਦਾਰ ਸੁਖਦੇਵ ਸਿੰਘ ਸਾਊਥਹਾਲ, ਸ. ਹਰਚਰਨ ਸਿੰਘ ਤੇ ਸ. ਭੁਪਿੰਦਰ ਸਿੰਘ, ਸ. ਗੁਰਿੰਦਰਪਾਲ ਸਿੰਘ ਜੋਸਨ ਅਮਰੀਕਾ, ਸ. ਮਨਜੀਤ ਸਿੰਘ ਸਿੱਖ ਸ਼ਾਸਤਰ ਵਿਦਿਆ ਕੌਂਸਲ ਆਦਿ ਮੌਜੂਦ ਸਨ।

**ਸੌ ਸਾਲਾ ਸਮਾਗਮ ਦੌਰਾਨ ਹਾਜ਼ਰ ਧਾਰਮਿਕ ਸ਼ਖ਼ਸੀਅਤਾਂ**: ਸਮਾਗਮ ਦੌਰਾਨ ਬਾਬਾ ਸ਼ੁਬੇਗ ਸਿੰਘ ਕਾਰਸੇਵਾ ਵਾਲੇ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਸੁਖਦੇਵ ਸਿੰਘ ਰੂਮੀ ਵਾਲੇ ਭੁੱਚੋ ਕਲਾਂ ਬਠਿੰਡਾ, ਬਾਬਾ ਤਰਸੇਮ ਸਿੰਘ, ਬਾਬਾ ਨਿਰਮਲ ਸਿੰਘ ਜੌਹਲਾਂ, ਬਾਬਾ ਧਰਮਵੀਰ ਸਿੰਘ ਹੰਸਾਲੀਵਾਲੇ, ਬਾਬਾ ਬਲਦੇਵ ਸਿੰਘ ਅਨੰਦਪੁਰ ਸਾਹਿਬ ਵਾਲੇ, ਬਾਬਾ ਗੁਰਮੀਤ ਸਿੰਘ ਅਨੰਦਪੁਰ ਸਾਹਿਬ ਮਿਸਲ ਸ਼ਹੀਦਾਂ, ਜਥੇਦਾਰ ਪ੍ਰਤਾਪ ਸਿੰਘ ਮਿਸਲ ਸ਼ਹੀਦਾਂ, ਬਾਬਾ ਸਤਨਾਮ ਸਿੰਘ, ਬਾਬਾ ਸ਼ਾਮ ਸਿੰਘ ਅਟਾਰੀ, ਬਾਬਾ ਸੁੱਚਾ ਸਿੰਘ ਨਾਨਕਸਰ ਫਿਰੋਜ਼ਪੁਰ, ਬਾਬਾ ਸੰਤੋਖ ਸਿੰਘ ਡੇਰਾ ਭਾਈ ਦਿਆਲਾ, ਬਾਬਾ ਜਗਜੀਤ ਸਿੰਘ ਬੜੂ ਸਾਹਿਬ, ਬਾਬਾ ਜੋਰਾ ਸਿੰਘ ਬੱਧਨੀ ਕਲਾਂ, ਬਾਬਾ ਤੇਜਾ ਸਿੰਘ ਪ੍ਰਧਾਨ ਨਿਰਮਲ ਮੰਡਲ, ਬਾਬਾ ਗੁਰਬਚਨ ਸਿੰਘ ਪੰਨਵਾਂ, ਬਾਬਾ ਸੁਖਵੰਤ ਸਿੰਘ, ਬਾਬਾ ਕੁਲਵੰਤ ਸਿੰਘ, ਜਥੇਦਾਰ ਬਾਬਾ ਪ੍ਰਗਟ ਸਿੰਘ ਤਰਨਾ ਦਲ ਫਿਰੋਜ਼ਪੁਰ,

ਬਾਬਾ ਹਰਿੰਦਰ ਸਿੰਘ, ਬਾਬਾ ਕੁਲਦੀਪ ਸਿੰਘ, ਡਾ. ਗੁਰਿੰਦਰ ਸਿੰਘ ਰੰਗਰੇਟਾ ਲੁਧਿਆਣਾ, ਬਾਬਾ ਤ੍ਰਿਲੋਕ ਸਿੰਘ ਖਿਆਲੇ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ, ਬਾਬਾ ਸੱਜਣ ਸਿੰਘ ਬੇਰ ਸਾਹਿਬ, ਬਾਬਾ ਬਲਬੀਰ ਸਿੰਘ ਟਿੱਬੀ ਸਾਹਿਬ, ਜਥੇਦਾਰ ਬਾਬਾ ਬਲਦੇਵ ਸਿੰਘ, ਬਾਬਾ ਹਰਚੰਦ ਸਿੰਘ ਖੋਜਾ ਕਲਾ, ਬਾਬਾ ਗੁਰਨਾਮ ਸਿੰਘ ਪਟਨਾ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਅਖੰਡ ਕੀਰਤਨੀ ਜਥੇ ਵੱਲੋਂ ਭਾਈ ਨਿਰਮਲਬੀਰ ਸਿੰਘ, ਬਾਬਾ ਅਮਰੀਕ ਸਿੰਘ ਗੁਰੂ ਕਾ ਤਾਲ ਆਗਰਾ, ਬਾਬਾ ਸੁਰਜੀਤ ਸਿੰਘ ਨਿਰਮਲ ਕੁਟੀਆਂ ਲੋਹੀਆ, ਬੀਬੀ ਰਣਜੀਤ ਕੌਰ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ, ਬਾਬਾ ਕਰਮਜੀਤ ਸਿੰਘ ਮਿੱਠਾ ਟਿਵਾਣਾ, ਬਾਬਾ ਤੇਜਾ ਸਿੰਘ ਖੁੱਡੀ ਕਲਾਂ, ਬਾਬਾ ਬੂਟਾ ਸਿੰਘ ਖਿਆਲਾ ਖੁਰਦ, ਬਾਬਾ ਭਰਪੂਰ ਸਿੰਘ ਸ਼ੇਖਾਂ ਬਰਨਾਲਾ, ਬਾਬਾ ਸ਼ਿੰਦਾ ਸਿੰਘ ਭਿੱਖੀਵਿੰਡ, ਬਾਬਾ ਕਰਮ ਸਿੰਘ, ਸ. ਕੁਲਬੀਰ ਸਿੰਘ ਉੜੀਸਾ ਜੋਤੀਸਰ, ਬਾਬਾ ਚਤਰ ਸਿੰਘ ਢਾਬਸਰ, ਬਾਬਾ ਮੇਜਰ ਸਿੰਘ ਵਾਂ, ਬਾਬਾ ਜੀਵਨ ਸਿੰਘ ਤਰਨਾ ਦਲ, ਬਾਬਾ ਮੇਜਰ ਸਿੰਘ ਦਸਮੇਸ਼ ਤਰਨਾਦਲ, ਬਾਬਾ ਲਾਲ ਸਿੰਘ ਮਾਲਵਾ ਤਰਨਾਦਲ, ਬਾਬਾ ਨੌਨਿਹਾਲ ਸਿੰਘ, ਬਾਬਾ ਸੁਰਜੀਤ ਸਿੰਘ ਕੈਰੋਂ, ਬਾਬਾ ਰਣਜੀਤ ਸਿੰਘ ਗੋਨੇਆਨਾ, ਬਬਾ ਮਹਿੰਦਰਪਾਲ ਪੰਡਵਾ, ਬਾਬਾ ਦੇਸ ਰਾਜ, ਬਾਬਾ ਨਿਰਮਲ ਦਾਸ, ਬਾਬਾ ਹਰਜਿੰਦਰ ਸਿੰਘ ਮੁਕਤਸਰ, ਬਾਬਾ ਖੜਕ ਸਿੰਘ, ਮਿਸਲ ਬਗੇਲ ਸਿੰਘ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਗੁਰਮੀਤ ਸਿੰਘ ਤਰਨਾਦਲ ਅਨੰਦਪੁਰ ਸਾਹਿਬ, ਬਾਬਾ ਮੋਹਣ ਸਿੰਘ ਅਨੰਦਪੁਰ ਸਾਹਿਬ, ਬਾਬਾ ਅਮਰ ਸਿੰਘ, ਬਾਬਾ ਦਰਸ਼ਰਨ ਸਿੰਘ ਖਜ਼ਾਨਾ ਗੇਟ, ਬਾਬਾ ਹੀਰਾ ਸਿੰਘ ਬਹਿਣੀਵਾਲ, ਬਾਬਾ ਤਰਸੇਮ ਸਿੰਘ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਗੋਰਾ ਸਿੰਘ ਬੁਗਰਾਂ ਵਾਲੇ, ਬਾਬਾ ਹਰਬੇਅੰਤ ਸਿੰਘ ਸਮਤੂਆਣਾ, ਬਾਬਾ ਇੰਦਰਜੀਤ ਸਿੰਘ ਰਤੀਏ ਵਾਲੇ, ਬਾਬਾ ਸੁਖਦੇਵ ਸਿੰਘ ਸਿਧਾਣੇ ਵਾਲੇ, ਬਾਬਾ ਅਵਤਾਰ ਸਿੰਘ ਪੌਣਾ ਵਾਲੇ, ਭਾਈ ਅਮਨਦੀਪ ਸਿੰਘ ਬੀਬੀ ਕੌਲਾਂ, ਸ. ਨਿਰਮਲ ਸਿੰਘ ਪ੍ਰਧਾਨ ਚੀਫ ਖਾਲਸਾ ਦੀਵਾਨ, ਬਾਬਾ ਗੁਰਮੇਜ ਸਿੰਘ ਸੁਬਾਜ਼ਪੁਰ, ਬਾਬਾ ਬਲਦੇਵ ਸਿੰਘ ਬੱਲਾ, ਸ. ਇਕਬਾਲ ਸਿੰਘ ਭੱਟੀ ਐਨ.ਆਰ.ਆਈ. ਫਰਾਂਸ, ਪ੍ਰਿੰ: ਸੂਬਾ ਸਿੰਘ ਪ੍ਰਧਾਨ ਸਿੱਖ ਬੁੱਧੀਜੀਵੀ ਕੌਂਸਲ ਆਦਿ ਮੌਜੂਦ ਸਨ।

੧੭ ਨਵੰਬਰ

# ਬੰਦੀ ਛੋੜ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਕੌਮ ਦੇ ਨਾਂਅ ਸੰਦੇਸ਼

## ਕਿਸਾਨ ਅੰਦੋਲਨ ਦੇ ਹੱਕ ਵਿਚ ਢਾਲ ਬਣ ਕੇ ਅੱਗੇ ਆਏ ਖ਼ਾਲਸਾ ਪੰਥ– ਜਥੇਦਾਰ ਗਿਆਨੀ ਹਰਪ੍ਰੀਤ ਸਿੰਘ

ਅੰਮ੍ਰਿਤਸਰ– ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਬੰਦੀ ਛੋੜ ਦਿਵਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਜਿਥੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਕੌਮ ਦੇ ਨਾਂ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਬੰਦੀ ਛੋੜ ਦਿਵਸ

ਦੀ ਮੁਬਾਰਕਬਾਦ ਦਿੱਤੀ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਉੜੀ ਤੋਂ ਸਿੱਖ ਕੌਮ ਨਾਂ ਦਿੱਤੇ ਆਪਣੇ ਸੰਦੇਸ਼ ਵਿਚ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਇਤਿਹਾਸ ਅਨੁਸਾਰ ਗੁਰਮਤਿ ਦੀ ਸ਼ਾਨਾਮੱਤੀ ਪ੍ਰੰਪਰਾ ਬਾਰੇ ਭਾਵਪੂਰਤ ਵਿਚਾਰ ਸਾਂਝੇ ਕਰਦਿਆਂ ਇਤਿਹਾਸ ਦਾ ਅਧਿਐਨ ਬਿਬੇਕ ਬੁੱਧ ਨਾਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਮਨੁੱਖੀ ਅਧਿਕਾਰਾਂ ਦੀ ਰਖਵਾਲੀ ਲਈ ਹਰ ਪੱਧਰ 'ਤੇ ਅਵਾਜ਼ ਉਠਾਈ ਅਤੇ ਲੋੜ ਪੈਣ 'ਤੇ ਆਪਣੀ ਸ਼ਹਾਦਤਾਂ ਵੀ ਦਿੱਤੀਆਂ। ਛੇਵੇਂ ਪਾਤਸ਼ਾਹ ਨੇ ਮੀਰੀ-ਪੀਰੀ ਦੀ ਪ੍ਰੰਪਰਾ ਅਨੁਸਾਰ ਭਗਤੀ ਦੇ ਨਾਲ-ਨਾਲ ਸ਼ਕਤੀ ਨੂੰ ਵੀ ਵਿਸ਼ੇਸ਼ ਅਹਿਮੀਅਤ ਦਿੱਤੀ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਮੌਜੂਦਾ ਸਮੇਂ ਕੌਮ ਨੂੰ ਦਰਪੇਸ਼ ਚੁਣੌਤੀਆਂ ਦਾ ਗੁਰਮਤਿ ਦੀ ਰੌਸ਼ਨੀ ਵਿਚ ਮੁਕਾਬਲਾ ਕਰਨ ਲਈ ਕਿਹਾ। ਉਨ੍ਹਾਂ ਆਖਿਆ ਕਿ ਹਰ ਸਿੱਖ ਅਤੇ ਖਾਸਕਰ ਨੌਜੁਆਨ ਪੀੜ੍ਹੀ ਨੂੰ ਆਪਣੇ ਜ਼ੁੰਮੇਵਾਰੀ ਦੇ ਅਹਿਸਾਸ ਪ੍ਰਤੀ ਚੇਤੰਨ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਉਦੋਂ ਇਸ ਅਹਿਸਾਸ ਹੋਰ ਵੀ ਵੱਧ ਜਾਂਦਾ ਹੈ, ਜਦੋਂ ਦੇਸ਼ ਅੰਦਰ ਮੁੜ ਤੋਂ ਧਰਮ, ਭਾਸ਼ਾ, ਰਾਜਨੀਤੀ, ਆਰਥਿਕਤਾ, ਸਿੱਖਿਆ ਅਤੇ ਸੱਭਿਆਚਾਰ ਵਾਲੀ ਕੁਦਰਤੀ ਵੰਨਸੁਵੰਨਤਾ ਨੂੰ ਖ਼ਤਮ ਕਰਕੇ ਇਕਸਾਰਤਾ ਲਿਆਉਣ ਦੇ ਨਾਂ ਹੇਠ ਜਬਰ ਜੁਲਮ ਤੇ ਵਿਤਕਰੇਬਾਜ਼ੀ ਦੀ ਲਹਿਰ ਤੇਜ਼ ਹੋਣ ਲੱਗੇ, ਜਦੋਂ ਘੱਟਗਿਣਤੀਆਂ, ਅਨੁਸੂਚਿਤ ਵਰਗਾਂ, ਆਦਿਵਾਸੀਆਂ ਸਮੇਤ ਹਰ ਆਮ ਨਾਗਰਿਕ ਦੇ ਬੋਲਣ, ਪੜ੍ਹਣ ਅਤੇ ਲਿਖਣ ਦੇ ਅਧਿਕਾਰਾਂ ਖੋਹੇ ਜਾ ਰਹੇ ਹੋਣ, ਜਦੋਂ ਅਸਹਿਮਤੀ ਦੀ ਅਵਾਜ਼ ਨੂੰ ਰਾਜਸੀ ਤਾਕਤ ਦੇ ਜ਼ੋਰ ਨਾਲ ਬੰਦ ਕਰਾਇਆ ਜਾ ਰਿਹਾ ਹੋਵੇ, ਜਦੋਂ ਨਵੇਂ-ਨਵੇਂ ਕਾਲੇ ਕਾਨੂੰਨ ਲਿਆ ਕੇ ਬੁੱਧੀਜੀਵੀਆਂ ਸਮੇਤ ਆਮ ਨਾਗਰਿਕਾਂ ਨੂੰ ਜ਼ੇਲ੍ਹਾਂ ਵਿਚ ਬੰਦ ਕਰਨ ਦੀ ਪ੍ਰਕਿਰਿਆ ਵਿਚ ਵਾਧਾ ਹੋਣ ਦਾ ਚਿੰਤਾਜਨਕ ਵਰਤਾਰਾ ਵਾਪਰ ਰਿਹਾ ਹੋਵੇ, ਜਦੋਂ ੩੫-੩੫ ਸਾਲਾਂ ਤੋਂ ਸਿੱਖ ਕੈਦੀਆਂ ਨੂੰ ਜ਼ੇਲ੍ਹਾਂ ਵਿਚ ਬੰਦੀ ਬਣਾ ਕੇ ਰੱਖਿਆ ਹੋਵੇ।

ਉਨ੍ਹਾਂ ਕਿਹਾ ਕਿ ਅੱਜ ਕਿਸਾਨ, ਬਜ਼ੁਰਗ, ਬੱਚੇ, ਬੀਬੀਆਂ ਭੈਣਾਂ ਅਤੇ ਨੌਜੁਆਨ ਆਪਣੇ ਵਿਰਾਸਤੀ ਹੱਕਾਂ ਦੀ ਲੜਾਈ ਲਈ ਮੈਦਾਨ ਵਿਚ ਸੰਘਰਸ਼ ਕਰ ਰਹੇ ਹਨ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਤਿਹਾਸ ਵਿਚ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕਾਨਾ ਹੱਕ ਦੇਣ ਦੀ ਗੱਲ ਕਰਦਿਆਂ ਕਿਹਾ ਕਿ ਅੱਜ ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨਾਂ ਅਤੇ ਉਪਜ 'ਤੇ ਸਰਮਾਏਦਾਰੀ ਧਿਰ ਨੂੰ ਮਜ਼ਬੂਤ ਕਰਨ ਲਈ ਵਰਤਮਾਨ ਹੁਕਮਰਾਨ ਯਤਨਸ਼ੀਲ ਹਨ। ਉਨ੍ਹਾਂ ਖ਼ਾਲਸਾ ਪੰਥ ਨੂੰ ਕਿਸਾਨ ਅੰਦੋਲਨ ਦੇ ਹੱਕ ਵਿਚ ਢਾਲ ਬਣ ਕੇ ਅੱਗੇ ਆਉਣ ਲਈ ਕਿਹਾ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕੋਵਿੰਡ ੧੯ ਦੌਰਾਨ ਸਿੱਖ ਕੌਮ ਵੱਲੋਂ ਨਿਭਾਈਆਂ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ।

ਇਸੇ ਦੌਰਾਨ ਬੰਦੀ ਛੋੜ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓੜੀ ਤੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਅਤੇ ਮੌਜੂਦਾ ਸਮੇਂ ਫੈਲੀਆਂ ਸਮਾਜਿਕ ਕੁਰੀਤੀਆਂ ਵਿਰੁੱਧ ਸੰਘਰਸ਼ਸ਼ੀਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬਾਨ ਦੀ ਸੋਚ ਅਨੁਸਾਰ ਉਸਰੇ ਪੰਜਾਬ ਦੇ ਸੱਭਿਆਚਾਰ ਨੂੰ ਗੰਧਲਾ ਕਰਨ ਵਾਲੀਆਂ ਸ਼ਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਦਾ ਸਫਾਇਆ ਕਰਨਾ ਅੱਜ ਦੀ ਵੱਡੀ ਜ਼ਰੂਰਤ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਦੀ ਵੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ। ਉਨ੍ਹਾਂ ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਕਮੇਟੀ ਦੇ ਸੌ ਸਾਲਾ ਸਥਾਪਨਾ ਦਿਹਾੜੇ ਦੀ ਵੀ ਸਿੱਖ ਜਗਤ ਨੂੰ ਵਧਾਈ ਦਿੱਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਪਣੇ ਸੰਬੋਧਨ ਦੌਰਾਨ ਸ਼ਹੀਦ ਭਾਈ ਮਨੀ ਸਿੰਘ ਨੂੰ ਵੀ ਯਾਦ ਕੀਤਾ ਅਤੇ ਉਨ੍ਹਾਂ ਦੇ ਜੀਵਨ ਤੋਂ ਸੰਗਤਾਂ ਅਤੇ ਖ਼ਾਸਕਰ ਸਿੱਖ ਨੌਜੁਆਨੀ ਨੂੰ ਪ੍ਰੇਰਣਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਿੱਖ ਧਰਮ ਅੰਦਰ ਬੰਦੀ ਛੋੜ ਦਿਵਸ ਦੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕਰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ਨੇ ਵੀ ਵਿਚਾਰ ਸਾਂਝੇ ਕਰਦਿਆਂ ਸੰਗਤ ਨੂੰ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਗੱਜਣ ਸਿੰਘ, ਗਿਆਨੀ ਸੰਤ ਸਿੰਘ ਮਸਕੀਨ ਦੇ ਸਪੁੱਤਰ ਭਾਈ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਮੈਨੇਜਰ ਸ. ਮੁਖਤਾਰ ਸਿੰਘ, ਭਾਈ ਸੁਖਜੀਤ ਸਿੰਘ ਘਨੱਈਆ, ਸ. ਬਘੇਲ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਦਰਸ਼ਨ ਸਿੰਘ ਆਦਿ ਮੌਜੂਦ ਸਨ।

**ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਿਹੰਗ ਸਿੰਘ ਜਥੇਬੰਦੀਆਂ ਦਾ ਸਨਮਾਨ–** ਬੰਦੀ ਛੋੜ ਦਿਵਸ ਮੌਕੇ ਚਲਦੀ ਆ ਰਹੀ ਪ੍ਰੰਪਰਾ ਅਨੁਸਾਰ ਨਿਹੰਗ ਸਿੰਘ ਜਥੇਬੰਦੀਆਂ ਤੇ ਸੰਪਰਦਾਵਾਂ ਦੇ ਨੁਮਾਇੰਦਿਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕਨੀਨ ਨੇ ਦਿੱਤੇ। ਸਨਮਾਨਿਤ ਕੀਤੀਆਂ ਜਾਣ ਵਾਲੀਆਂ ਸ਼ਖ਼ਸੀਅਤਾਂ ਵਿਚ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਦਲ ਬਾਬਾ ਬਿਧੀ ਚੰਦ ਸੰਪਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਬਾਬਾ ਗੱਜਣ ਸਿੰਘ ਬਾਬਾ ਬਕਾਲਾ ਵਾਲੇ ਆਦਿ ਮੌਜੂਦ ਸਨ। ੧੫ ਨਵੰਬਰ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ 'ਚ ਸਟੀਲ ਦੇ ਜੰਗਲੇ ਲਗਾਉਣ ਦੀ ਸੇਵਾ ਮੁਕੰਮਲ

## ਗਿਆਨੀ ਜਗਤਾਰ ਸਿੰਘ ਤੇ ਭਾਈ ਲੌਂਗੋਵਾਲ ਨੇ ਬਾਬਾ ਪ੍ਰਦੀਪ ਸਿੰਘ ਬੱਧਨੀ ਵਾਲਿਆਂ ਨੂੰ ਕੀਤਾ ਸਨਮਾਨਿਤ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ ਵਿਚ ਲੱਗੇ ਲੋਹੇ ਦੇ ਜੰਗਲਿਆਂ ਦੀ ਥਾਂ ਸਟੀਲ ਦੇ ਜੰਗਲੇ ਲਗਾਉਣ ਦੀ ਸੇਵਾ ਮੁਕੰਮਲ ਹੋ ਗਈ। ਇਹ ਸੇਵਾ ਬਾਬਾ ਪ੍ਰਦੀਪ ਸਿੰਘ ਬੋਰੇਵਾਲ ਬੱਧਨੀ ਵਾਲਿਆਂ ਵੱਲੋਂ ਕਰਵਾਈ ਗਈ ਹੈ। ਇਸ ਦੇ ਨਾਲ ਹੀ ਪਰਕਰਮਾਂ ਵਿਚ ਪਾਣੀ ਦੇ ਨਿਕਾਸ ਲਈ ਲੱਗੀਆਂ ਜਾਲੀਆਂ ਵੀ ਬਦਲੀਆਂ ਗਈਆਂ ਹਨ। ਸੇਵਾ ਮੁਕੰਮਲ ਹੋਣ ਮੌਕੇ ਬਾਬਾ ਪ੍ਰਦੀਪ ਸਿੰਘ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਾਂਝੇ ਤੌਰ 'ਤੇ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸੇਵਾ ਮੁਕੰਮਲ ਹੋਣ ਸਮੇਂ ਅਰਦਾਸ ਕਰਕੇ ਗੁਰੂ ਸਾਹਿਬ ਦਾ ਸ਼ੁਕਰਾਨਾ

ਕੀਤਾ ਗਿਆ ਅਤੇ ਕੜਾਹਿ ਪ੍ਰਸ਼ਾਦਿ ਦੀ ਦੇਗ ਵੀ ਵਰਤਾਈ ਗਈ।

ਇਸ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ ਵਿਚ ਲੱਗੇ ਲੋਹੇ ਦੇ ਜੰਗਲਿਆਂ ਦੀ ਸਾਂਭ-ਸੰਭਾਲ ਲਈ ਕੁਝ ਮਹੀਨਿਆਂ ਬਾਅਦ ਹੀ ਇਨ੍ਹਾਂ ਨੂੰ ਰੰਗ ਰੋਗਨ ਕਰਨਾ ਪੈਂਦਾ ਸੀ, ਜਿਸ ਦੇ ਮੱਦੇਨਜ਼ਰ ਬਾਬਾ ਪ੍ਰਦੀਪ ਸਿੰਘ ਵੱਲੋਂ ਸਟੀਲ ਦੇ ਜੰਗਲੇ ਤਿਆਰ ਕਰਵਾ ਕੇ ਲਗਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੇਵਾਵਾਂ 'ਤੇ ਕਰੀਬ ੧੫ ਟਨ ਸਟੀਲ ਦੀ ਵਰਤੋਂ ਹੋਈ ਹੈ। ਭਾਈ ਲੌਂਗੋਵਾਲ ਨੇ ਸੇਵਾ ਕਰਵਾਉਣ 'ਤੇ ਬਾਬਾ ਪ੍ਰਦੀਪ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਵੀ ਬਾਬਾ ਪ੍ਰਦੀਪ ਸਿੰਘ ਵੱਲੋਂ ਕਰਵਾਈ ਗਈ ਸੇਵਾ ਦੀ ਸ਼ਲਾਘਾ ਕੀਤੀ।

ਦੱਸਣਯੋਗ ਹੈ ਕਿ ਇਹ ਸੇਵਾ ਲੰਘੀ ੧੮ ਨਵੰਬਰ ਨੂੰ ਅਰਦਾਸ ਉਪਰੰਤ ਸ਼ੁਰੂ ਕੀਤੀ ਗਈ ਸੀ, ਜੋ ਅੱਜ ਸੰਪੂਰਨ ਹੋਈ ਹੈ। ਸੇਵਾ ਦੀ ਸੰਪੂਰਨਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਚਰਨਜੀਤ ਸਿੰਘ ਜੱਸੋਵਾਲ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ, ਸ. ਬਘੇਲ ਸਿੰਘ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਸ. ਦਰਸ਼ਨ ਸਿੰਘ ਪੀ.ਏ., ਭਾਈ ਸੁਰਜੀਤ ਸਿੰਘ ਸਭਰਾ ਕਥਾਵਾਚਕ, ਸ. ਸਰਚਾਂਦ ਸਿੰਘ ਆਦਿ ਮੌਜੂਦ ਸਨ।

੨੩ ਨਵੰਬਰ

# ਪਾਵਨ ਸਰੂਪ ਅਟੈਚੀ 'ਚ ਬੰਦ ਕਰਕੇ ਪੂਨੇ ਲਿਜਾਣ ਦੀ ਕੋਸ਼ਿਸ਼ ਦੀ ਨਿਖੇਧੀ

ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸਿੱਖ ਮਰਯਾਦਾ ਦੇ ਉਲਟ ਅਟੈਚੀ ਵਿਚ ਬੰਦ ਕਰਕੇ ਹਵਾਈ ਜਹਾਜ਼ ਰਾਹੀਂ ਪੂਨੇ ਲਿਜਾਣ ਦੀ ਦੋ ਵਿਅਕਤੀਆਂ ਵੱਲੋਂ ਕੀਤੀ ਕੋਸ਼ਿਸ਼ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖਾਂ ਦੇ ਹਾਜ਼ਰ ਨਾਜ਼ਰ ਗੁਰੂ ਹਨ ਅਤੇ ਪਾਵਨ ਸਰੂਪ ਨੂੰ ਇਕ ਥਾਂ ਤੋਂ ਦੂਜੀ ਥਾਂ ਲੈਜਾਣ ਦੀ ਇਕ ਮਰਯਾਦਾ ਹੈ। ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਫੜ੍ਹੇ ਗਏ ਦੋ ਵਿਅਕਤੀਆਂ ਵੱਲੋਂ ਕੀਤੀ ਗਈ ਹਰਕਤ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਤਰਸੇਮ ਸਿੰਘ, ਭਾਈ ਸਤਵੰਤ ਸਿੰਘ ਅਤੇ ਭਾਈ ਇੰਦਰਜੀਤ ਸਿੰਘ ਨੇ ਹਵਾਈ ਅੱਡੇ ਪੁੱਜ ਕੇ ਘਟਨਾ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਂਦਾ। ਜਾਣਕਾਰੀ ਅਨੁਸਾਰ ਪਾਵਨ ਸਰੂਪ ਅਟੈਚੀ ਵਿਚ ਬੰਦ ਕਰਕੇ ਜਹਾਜ਼ ਰਾਹੀਂ ਪੂਨੇ ਲਿਜਾਣ ਵਾਲੇ ਦੋਵੇਂ ਵਿਅਕਤੀ ਸ. ਜਵਾਲਾ ਸਿੰਘ ਤੇ ਸ. ਜਸਬੀਰ ਸਿੰਘ ਜੋ ਪਿਓ-ਪੁੱਤਰ ਹਨ, ਜੋ ਗੁਰਦੁਆਰਾ ਨਾਨਕਸਰ ਸਮਾਧ ਭਾਈ ਨਾਲ ਸਬੰਧਤ ਰੱਖਦੇ ਹਨ। ਪ੍ਰਚਾਰਕ ਭਾਈ ਤਰਸੇਮ ਸਿੰਘ ਨੇ ਦੱਸਿਆ ਕਿ ਫੜ੍ਹੇ ਗਏ ਵਿਅਕਤੀਆਂ ਅਨੁਸਾਰ ਇਹ ਪਾਵਨ ਸਰੂਪ ਗੁਰਦੁਆਰਾ ਨਾਨਕਸਰ ਸਮਾਧ ਭਾਈ ਦੇ ਬਾਬਾ

ਕੁਲਵੰਤ ਸਿੰਘ ਵੱਲੋਂ ਪੂਨੇ ਭੇਜਿਆ ਜਾ ਰਿਹਾ ਸੀ। ਇਕ ਆਟੋ ਰਿਕਸ਼ਾ ਵਾਲੇ ਨੂੰ ਸ਼ੱਕ 'ਤੇ ਇਹ ਮਾਮਲਾ ਸਾਹਮਣੇ ਆਇਆ, ਜਿਸ ਮਗਰੋਂ ਸਥਾਨਕ ਸੰਗਤਾਂ ਅਤੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਨੇ ਤੁਰੰਤ ਹਰਕਤ ਵਿਚ ਆਉਂਦਿਆਂ ਕਾਰਵਾਈ ਕੀਤੀ। ੧੯ ਨਵੰਬਰ

# ਸਿੱਖ ਸੰਘਰਸ਼ ਨਾਲ ਸਬੰਧਤ ਬੰਦੀ ਸਿੰਘ ਭਾਈ ਦਿਆ ਸਿੰਘ ਲਾਹੌਰੀਆ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ

ਅੰਮ੍ਰਿਤਸਰ- ਪਿਛਲੇ ਲੰਮੇ ਅਰਸੇ ਤੋਂ ਭਾਰਤ ਦੀਆਂ ਜ਼ੇਲ੍ਹਾਂ 'ਚ ਨਜ਼ਰਬੰਦ ਚੱਲੇ ਆ ਰਹੇ ਭਾਈ ਦਿਆ ਸਿੰਘ ਲਾਹੌਰੀਆ ਨੇ ਆਪਣੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸਿੱਖ ਸੰਘਰਸ਼ ਨਾਲ ਸਬੰਧਤ ਭਾਈ ਲਾਹੌਰੀਆ ਨੂੰ ਹਾਈਕੋਰਟ ਵੱਲੋਂ ਦੂਸਰੀ ਵਾਲ ਕਰੀਬ ਇਕ ਮਹੀਨੇ ਦੀ ਪੈਰੋਲ ਦਿੱਤੀ ਗਈ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਮਗਰੋਂ ਭਾਈ ਦਇਆ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਮੁਲਾਕਾਤ ਕੀਤੀ, ਜਿਥੇ ਉਨ੍ਹਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਲੌਂਗੋਵਾਲ ਨੇ ਭਾਈ ਦਿਆ ਸਿੰਘ ਲਾਹੌਰੀਆ ਨੂੰ ਇੱਕ ਲੱਖ ਰੁਪਏ ਦੀ ਸਹਾਇਤਾ ਦਾ ਚੈੱਕ ਵੀ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਭਾਰਤ ਦੀਆਂ ਵੱਖ-ਵੱਖ ਜ਼ੇਲ੍ਹਾਂ ਅੰਦਰ ਲੰਮੇ ਅਰਸੇ ਤੋਂ ਕਈ ਸਿੱਖ ਨਜ਼ਰਬੰਦ ਹਨ, ਜਿਨ੍ਹਾਂ ਦੀ ਭਾਰਤ ਸਰਕਾਰ ਵੱਲੋਂ ਐਲਾਨ ਕਰਨ ਮਗਰੋਂ ਵੀ ਰਿਹਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਮੌਕੇ ਭਾਰਤ ਸਰਕਾਰ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਐਲਾਨ ਕੀਤਾ ਸੀ, ਪਰੰਤੂ ਇਸ ਪੂਰਨ ਰੂਪ ਵਿਚ ਲਾਗੂ ਨਹੀਂ ਕੀਤਾ ਗਿਆ। ਭਾਈ ਲੌਂਗੋਵਾਲ ਨੇ ਮੰਗ ਕੀਤੀ ਕਿ ਦੇਸ਼ ਦੀਆਂ ਜ਼ੇਲ੍ਹਾਂ ਅੰਦਰ ਸਿੱਖ ਸੰਘਰਸ਼ ਨਾਲ ਸਬੰਧਤ ਨਜ਼ਰਬੰਦ ਸਿੰਘਾਂ ਨੂੰ ਰਿਹਾਅ ਕੀਤਾ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮਰਜੀਤ ਸਿੰਘ ਭਲਾਈਪੁਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਲਖਮੀਰ ਸਿੰਘ ਕੋਟ ਸ਼ਮੀਰ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਅਮਰਜੀਤ ਸਿੰਘ, ਚੀਫ਼ ਅਕਾਊਂਟੈਂਟ ਸ. ਮਿਲਖਾ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਸਮੇਤ ਭਾਈ ਦਿਆ ਸਿੰਘ ਲਾਹੌਰੀਆ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ।

੨੩ ਨਵੰਬਰ

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਸਮੇਂ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਮਗਰੋਂ ਭਾਈ ਸਿਮਰਪ੍ਰੀਤ ਸਿੰਘ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਭਗਤ ਨਾਮਦੇਵ ਜੀ ਦੇ ਜੀਵਨ ਤੋਂ ਜਾਣੂ ਕਰਵਾਇਆ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਗਿਆਨੀ ਮਾਨ ਸਿੰਘ ਨੇ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਪੰਜਵੇਂ ਪਾਤਸ਼ਾਹ ਜੀ ਨੇ ਭਗਤਾਂ ਦੀ ਬਾਣੀ ਦਰਜ ਕਰਕੇ ਵੱਡਾ ਮਾਣ ਦਿੱਤਾ। ਉਨ੍ਹਾਂ ਕਿਹਾ ਕਿ ਭਗਤ ਨਾਮਦੇਵ ਜੀ ਦੀ ਬਾਣੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ, ਜਿਸ ਵਿੱਚੋਂ ਰੱਬੀ ਅਤੇ ਮਨੁੱਖੀ ਏਕਤਾ ਦੀ ਸੇਧ ਮਿਲਦੀ ਹੈ। ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੈਨਜਰ ਸ. ਮੁਖਤਾਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਨਿਰਵੈਲ ਸਿੰਘ, ਸ. ਸੁਖਬੀਰ ਸਿੰਘ, ਮੈਨੇਜਰ ਸ. ਬਘੇਲ ਸਿੰਘ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਭਗਤ ਨਾਮਦੇਵ ਜੀ ਐਸੋਸੀਏਸ਼ਨ ਤੋਂ ਸ. ਤਰਜਿੰਦਰ ਸਿੰਘ, ਸ. ਗੁਰਨਾਮ ਸਿੰਘ, ਸ. ਰਾਜਿੰਦਰ ਸਿੰਘ, ਸ. ਜਸਬੀਰ ਸਿੰਘ, ਸ. ਨਰਿੰਦਰ ਸਿੰਘ, ਸ. ਸੁਰਿੰਦਰ ਸਿੰਘ, ਸ. ਮਨਜੀਤ ਸਿੰਘ, ਸ. ਜਤਿੰਦਰ ਸਿੰਘ ਆਦਿ ਹਾਜ਼ਰ ਸਨ। ੨੫ ਨਵੰਬਰ

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਨਾਲ ਸਬੰਧਤ ਥੜ੍ਹਾ ਸਾਹਿਬ ਦੀ ਸੇਵਾ ਆਰੰਭ

ਅੰਮ੍ਰਿਤਸਰ- ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਥੜ੍ਹਾ ਸਾਹਿਬ ਦੀ ਸੇਵਾ ਦਾ ਕਾਰਜ ਆਰੰਭ ਕੀਤਾ ਗਿਆ। ਦੱਸਣਯੋਗ ਹੈ ਕਿ ਇਹ ਥੜ੍ਹਾ ਸਾਹਿਬ ਦੀਵਾਨ ਹਾਲ ਮੰਜੀ ਸਾਹਿਬ ਦੇ ਬਾਹਰਵਾਰ ਸੁਸ਼ੋਭਿਤ ਹੈ। ਇਥੇ ਬੈਠ ਕੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਬਾਰਹ ਮਾਹ ਦੀ ਬਾਣੀ ਉਚਾਰਨ ਕੀਤੀ ਸੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਇਸ ਅਸਥਾਨ ਦੀ ਸੇਵਾ ਅਰਦਾਸ ਉਪਰੰਤ ਆਰੰਭ ਹੋਈ। ਇਹ ਸੇਵਾ ਭਾਈ ਘਨੱਈਆ ਸਾਹਿਬ ਸੇਵਾ ਟਰੱਸਟ ਵੱਲੋਂ ਕਰਵਾਈ ਜਾਵੇਗੀ। ਟਰੱਸਟ ਵੱਲੋਂ ਭਾਈ ਸਰਬਜੀਤ ਸਿੰਘ ਸੇਵਾ ਪੰਥੀ ਨੇ ਦੱਸਿਆ ਕਿ ਇਹ ਸੇਵਾ ਜਲਦ ਤੋਂ ਜਲਦ ਮੁਕੰਮਲ ਕੀਤੀ ਜਾਵੇਗੀ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ, ਸ. ਬਘੇਲ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਐਕਸੀਅਨ ਸ. ਜਤਿੰਦਰਪਾਲ ਸਿੰਘ, ਸ. ਸ਼ਮਸ਼ੇਰ ਸਿੰਘ ਜੇ.ਈ., ਭਾਈ ਘਨੱਈਆ ਜੀ ਸੇਵਾ ਟਰੱਸਟ ਵੱਲੋਂ ਸ. ਜਗਜੀਤ ਸਿੰਘ ਮਹਿਤਾ, ਬਾਬਾ ਸਤਨਾਮ ਸਿੰਘ, ਸ. ਕੰਵਲਜੀਤ ਸਿੰਘ, ਸ. ਜਸਪ੍ਰੀਤ ਸਿੰਘ ਆਦਿ ਮੌਜੂਦ ਸਨ। ੨੫ ਨਵੰਬਰ

# ਸ਼੍ਰੋਮਣੀ ਕਮੇਟੀ ਦੀ ਸਥਾਪਨਾ ਦੇ ਸੌ ਸਾਲ ਪੂਰੇ ਹੋਣ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਸਨਮਾਨਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਦੀ ਸੌ ਸਾਲ ਪੂਰੇ ਹੋਣ 'ਤੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਸਦਨ ਦੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਸਨਮਾਨਿਤ ਕਰਨ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਆਪਣੇ ਸਥਾਪਨਾ ਦਿਵਸ ਸਮੇਂ ਤੋਂ ਲੈ ਕੇ ਹੁਣ ਤੱਕ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ ਅਤੇ ਦੇਸ਼ ਵਿਦੇਸ਼ ਅੰਦਰ ਸਿੱਖ ਮਸਲਿਆਂ ਦੀ ਤਰਜ਼ਮਾਨੀ ਕੀਤੀ ਹੈ। ਭਾਵੇਂ ਕਿ ਸਿੱਖ ਸੰਸਥਾ ਨੂੰ ਸਮੇਂ ਸਮੇਂ ਕਈ ਚੁਣੌਤੀਆਂ ਦਾ ਵੀ ਸਾਹਮਣਾ ਕਰਨਾ ਪਿਆ, ਪਰੰਤੂ ਇਨ੍ਹਾਂ ਤੋਂ ਪਾਰ ਹੁੰਦਿਆਂ

ਸ਼੍ਰੋਮਣੀ ਕਮੇਟੀ ਨੇ ਸੁਚੱਜੀ ਗੁਰਦੁਆਰਾ ਸੇਵਾ ਸੰਭਾਲ ਦੇ ਨਾਲ-ਨਾਲ ਸਿੱਖ ਸਰੋਕਾਰਾਂ ਦੀ ਪੈਰਵਾਈ ਕਰਦਿਆਂ ਆਪਣਾ ਇਕ ਸਦੀ ਦਾ ਸਫ਼ਰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਮਾਣਮੱਤੀ ਸੰਸਥਾ ਦੇ ਇਸ ਸਫ਼ਰ ਵਿਚ ਸਮੇਂ ਸਮੇਂ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਸਮੂਹ ਮੈਂਬਰਾਂ ਦਾ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਦੇ ਸੌ ਸਾਲ ਪੂਰੇ ਹੋਣ 'ਤੇ ਜਿਥੇ ਅੱਜ ਸਾਨੂੰ ਪੂਰਬਲੇ ਸੰਸਥਾਪਕ ਆਗੂਆਂ ਦੇ ਜੀਵਨ ਤੋਂ ਸੇਧ ਲੈਣ ਦੀ ਲੋੜ ਹੈ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਮੈਂਬਰਾਂ ਦੀ ਹੌਸਲਾ ਅਫ਼ਜਾਈ ਵੀ ਜ਼ਰੂਰੀ ਹੈ। ਇਸੇ ਤਹਿਤ ਹੀ ਮੈਂਬਰਾਂ ਦਾ ਸਨਮਾਨ ਕੀਤਾ ਗਿਆ ਹੈ। ਇਸ ਮੌਕੇ ਬੀਬੀ ਜਗੀਰ ਕੌਰ, ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਅਲਵਿੰਦਰਪਾਲ ਸਿੰਘ ਪੱਖੋਕੇ ਸਮੇਤ ਸਮੂਹ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ। ੨੬ ਨਵੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਮਨਾਇਆ ਗਿਆ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਿੰਦਰ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਉਪਰੰਤ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ, ਜਿਨ੍ਹਾਂ ਨੂੰ ਲੰਮਾਂ ਸਮਾਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਸਮਾਗਮ ਦੌਰਾਨ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਸੁਸਾਇਟੀ ਪੰਜਾਬ ਦੇ ਨੁਮਾਇੰਦਿਆਂ ਨੂੰ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਭਗਵੰਤ ਸਿੰਘ ਸਿਆਲਕਾ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਨੇ ਸਨਮਾਨਿਤ ਕੀਤਾ। ਇਸ ਮੌਕੇ ਮੈਨੇਜਰ ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਨਿਸ਼ਾਨ ਸਿੰਘ, ਭਾਈ ਮਰਦਾਨਾ ਸੁਸਾਇਟੀ ਦੇ ਮੀਤ ਪ੍ਰਧਾਨ ਸ੍ਰੀ ਜੀਤਾ ਜੀ, ਸ. ਬਲਵਿੰਦਰ ਸਿੰਘ, ਸ. ਮੰਗਾ ਸਿੰਘ ਆਦਿ ਮੌਜੂਦ ਸਨ। ੨੭ ਨਵੰਬਰ

# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਰਵਾਨਾ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੧ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਹਿੱਸਾ ਲੈਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜਥੇ ਦੀ ਰਵਾਨਗੀ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਥੇ ਦੀ ਅਗਵਾਈ ਕਰ ਰਹੇ ਸ. ਅਮਰਜੀਤ ਸਿੰਘ ਭਲਾਈਪੁਰ, ਸ. ਗੁਰਮੀਤ ਸਿੰਘ ਬੂਹ, ਸ. ਹਰਪਾਲ ਸਿੰਘ ਜੱਲ੍ਹਾ, ਸ. ਬਲਵਿੰਦਰ ਸਿੰਘ ਵੇਈਂਪੂਈਂ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼

ਸਿਰੋਪਾਓ ਦਿੱਤੇ। ਇਸ ਮੌਕੇ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਦੀ ਤਾਂਘ ਸਿੱਖ ਸੰਗਤ ਅੰਦਰ ਹਮੇਸ਼ਾ ਰਹਿੰਦੀ ਹੈ। ਗੁਰਪੁਰਬਾਂ ਅਤੇ ਇਤਿਹਾਸਕ ਦਿਹਾੜਿਆਂ ਮੌਕੇ ਇਨ੍ਹਾਂ ਅਸਥਾਨਾਂ ਦੀ ਯਾਤਰਾ ਕਰਨ ਲਈ ਸੰਗਤ ਵਿਚ ਭਾਰੀ ਉਤਸ਼ਾਹ ਹੁੰਦਾ ਹੈ। ਪਰੰਤੂ ਪਾਕਿਸਤਾਨ ਦੂਤਾਵਾਸ ਵੱਲੋਂ ਸ਼ਰਧਾਲੂਆਂ ਦੇ ਵੱਡੀ ਗਿਣਤੀ ਵਿਚ ਵੀਜ਼ੇ ਰੱਦ ਕਰਨ ਨਾਲ ਸੰਗਤਾਂ ਦੀ ਸ਼ਰਧਾ ਨੂੰ ਠੇਸ ਪੁੱਜਦੀ ਹੈ। ਭਾਈ ਲੌਂਗੋਵਾਲ ਨੇ ਮੰਗ ਕੀਤੀ ਕਿ ਪਾਕਿਸਤਾਨ ਦੂਤਾਵਾਸ ਨੂੰ ਸ਼ਰਧਾਲੂਆਂ ਨੂੰ ਵੱਧ ਤੋਂ ਵੱਧ ਵੀਜ਼ੇ ਦੇਣੇ ਚਾਹੀਦੇ ਹਨ। ਇਸ ਦੌਰਾਨ ਭਾਈ ਲੌਂਗੋਵਾਲ ਨੇ ਕੋਰੋਨਾ ਤੋਂ ਬਚਣ ਲਈ ਸਿਹਤ ਵਿਭਾਗ ਦੇ ਨਿਰਦੇਸ਼ਾਂ ਦਾ ਪਾਲਣ ਕਰਨ ਦੀ ਸੰਗਤ ਨੂੰ ਅਪੀਲ ਕੀਤੀ। ਇਸੇ ਦੌਰਾਨ ਭਾਈ ਲੌਂਗੋਵਾਲ ਨੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਤੁਰੰਤ ਖੋਲ੍ਹਣ ਦੀ ਵੀ ਭਾਰਤ ਸਰਕਾਰ ਪਾਸੋਂ ਮੰਗ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸਿਮਰਜੀਤ ਸਿੰਘ ਕੰਗ, ਸ. ਗੁਰਮੀਤ ਸਿੰਘ ਬੁੱਟਰ, ਸ. ਨਿਰਵੈਲ ਸਿੰਘ, ਸੁਪਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਗੁਰਿੰਦਰਪਾਲ ਸਿੰਘ ਠਰੂ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਨਰਿੰਦਰ ਸਿੰਘ ਆਦਿ ਮੌਜੂਦ ਸਨ। ੨੭ ਨਵੰਬਰ

# ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਸਿਆਲਕਾ ਵੱਲੋਂ ਸ. ਗੁਰਿੰਦਰਪਾਲ ਸਿੰਘ ਜੋਸਨ ਦਾ ਸਨਮਾਨ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਪੁੱਜੇ ਸਾਰਾਗੜ੍ਹੀ ਫਾਊਂਡੇਸ਼ਨ ਦੇ ਚੇਅਰਮੈਨ ਸ. ਗੁਰਿੰਦਰਪਾਲ ਸਿੰਘ ਜੋਸਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਸ. ਜੋਸਨ ਨੂੰ ਸਨਮਾਨਿਤ ਕਰਨ ਮੌਕੇ ਉਨ੍ਹਾਂ ਵੱਲੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਸ. ਗੁਰਿੰਦਰਪਾਲ ਸਿੰਘ ਜੋਸਨ ਨੇ ਸ. ਭਗਵੰਤ ਸਿੰਘ ਸਿਆਲਕਾ ਅਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਸਮੇਤ ਹੋਰਨਾਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਆਪਣੇ ਨਵ-ਪ੍ਰਕਾਸ਼ਤ ਪੁਸਤਕਾਂ 'ਪ੍ਰੋਮੀਨੈਂਟ ਸਿੱਖਜ਼ ਆਫ਼ ਯੂ.ਐਸ.ਏ.' ਅਤੇ 'ਭਾਈ ਮਰਦਾਨਾ ਜੀ' ਭੇਟ ਕੀਤੀਆਂ। ਦੱਸਣਯੋਗ ਹੈ ਕਿ ਸ. ਗੁਰਿੰਦਰਪਾਲ ਸਿੰਘ ਜੋਸਨ ਵੱਖ-ਵੱਖ ਸੰਸਥਾਵਾਂ ਰਾਹੀਂ ਸਿੱਖ ਵਿਚਾਰਧਾਰਾ ਨੂੰ ਉਭਾਰਨ ਲਈ ਯਤਨਸ਼ੀਲ ਹਨ। ਬੀਤੇ ਸਮੇਂ ਉਨ੍ਹਾਂ ਨੇ ਸਾਰਾਗੜ੍ਹੀ ਸਬੰਧੀ ਇਕ ਪੁਸਤਕ ਵੀ ਪ੍ਰਕਾਸ਼ਤ ਕਰਵਾਈ ਸੀ। ਹੁਣ ਉਨ੍ਹਾਂ ਨੇ ਅਮਰੀਕਾ ਦੀਆਂ ਪ੍ਰਸਿੱਧ ਸਿੱਖ ਸ਼ਖ਼ਸੀਅਤਾਂ ਬਾਰੇ ਲਿਖਣ ਕਾਰਜ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਆਖਿਆ ਕਿ ਵਿਦੇਸ਼ਾਂ ਅੰਦਰ ਸਿੱਖ ਪਛਾਣ ਨੂੰ ਉਭਾਰਨਾ ਸਮੇਂ ਦੀ ਵੱਡੀ ਲੋੜ ਹੈ, ਜਿਸ ਵਿਚ ਸ. ਗੁਰਿੰਦਰਪਾਲ ਸਿੰਘ ਜੋਸਨ ਅਹਿਮ ਭੂਮਿਕਾ ਨਿਭਾਅ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ। ੨੮ ਨਵੰਬਰ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ

ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਇਸ ਨਗਰ ਕੀਰਤਨ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ 'ਤੇ ਚੌਰ ਸਾਹਿਬ ਦੀ ਸੇਵਾ ਨਿਭਾਈ ਅਤੇ ਨਗਰ ਕੀਰਤਨ ਦੌਰਾਨ ਸੰਗਤਾਂ ਨੇ ਗੁਰੂ ਜਸ ਉਚਾਰਨ ਕਰਦਿਆਂ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ। ਨਗਰ ਕੀਰਤਨ ਦੇ ਰਸਤੇ ਵਿਚ ਸੰਗਤਾਂ ਨੇ ਚਾਹ, ਮਠਿਆਈਆਂ, ਫਰੂਟ ਆਦਿ ਦੇ ਲੰਗਰਾਂ ਰਾਹੀਂ ਸੇਵਾ ਕੀਤੀ। ਇਸ ਦੌਰਾਨ ਬੈਂਡ ਪਾਰਟੀਆਂ, ਸ਼ਬਦ ਚੌਂਕੀ ਜਥੇ ਤੇ ਗਤਕਾ ਪਾਰਟੀਆਂ ਨੇ ਪੂਰੇ ਉਤਸ਼ਾਹ ਨਾਲ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਮੁਖਤਾਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਮੀਤ ਸਿੰਘ ਬੁੱਟਰ, ਸ. ਗੁਰਦਿਆਲ ਸਿੰਘ, ਸ. ਨਿਰਵੈਲ ਸਿੰਘ, ਮੈਨੇਜਰ ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਵਧੀਕ ਮੈਨੇਜਰ ਸ. ਜਗਤਾਰ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਜਸਪਾਲ ਸਿੰਘ ਢੱਡੇ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਸਮੇਤ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੨੮ ਨਵੰਬਰ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਜਾਏ ਅਲੌਕਿਕ ਜਲੌ

ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮੌਕੇ ਸੰਸਾਰ ਭਰ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਅਧਿਆਤਮਿਕਤਾ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਵੱਲੋਂ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ। ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨਾਂ 'ਤੇ ਦੀਪਮਾਲਾ ਵੀ ਕੀਤੀ ਗਈ।

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਗੁਰਦੇਵ ਸਿੰਘ ਦੇ ਰਾਗੀ ਜਥੇ ਵੱਲੋਂ ਇਲਾਹੀ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ

*(ਬਾਕੀ ਪੰਨਾ ੬੩ 'ਤੇ)*




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁੱਖ ਸਮਾਗਮ ਸਮੇਂ ਸੰਬੋਧਨ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ। (17 ਨਵੰਬਰ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਸਮਾਗਮ ਮੌਕੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਬੀਬੀ ਜਗੀਰ ਕੌਰ। (17 ਨਵੰਬਰ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁੱਖ ਸਮਾਗਮ ਮੌਕੇ ਸੰਬੋਧਨ ਕਰਦੇ ਹੋਏ ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ। (17 ਨਵੰਬਰ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁੱਖ ਸਮਾਗਮ ਮੌਕੇ ਸੰਬੋਧਨ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ। (17 ਨਵੰਬਰ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਸਮਾਗਮ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁੱਖ ਸਮਾਗਮ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੂੰ ਸਨਮਾਨਿਤ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ। (17 ਨਵੰਬਰ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 100 ਸਾਲਾ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁੱਖ ਸਮਾਗਮ 'ਚ ਹਾਜ਼ਰ ਸੰਗਤਾਂ। (17 ਨਵੰਬਰ)

(ਪੰਨਾ ੫੮ ਦਾ ਬਾਕੀ)

ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਗੁਰਮੀਤ ਸਿੰਘ ਬੁੱਟਰ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸੁਖਬੀਰ ਸਿੰਘ, ਸ. ਗੁਰਦਿਆਲ ਸਿੰਘ, ਸ. ਨਿਰਵੈਲ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸੁਪਰੀਡੈਂਟ ਸ. ਪਲਵਿੰਦਰ ਸਿੰਘ, ਇੰਚਾਰਜ ਪ੍ਰੋ. ਸੁਖਦੇਵ ਸਿੰਘ, ਸ. ਅਜਾਦਦੀਪ ਸਿੰਘ, ਸ. ਮਨਜੀਤ ਸਿੰਘ, ਮੈਨੇਜਰ ਸ. ਬਘੇਲ ਸਿੰਘ, ਸ. ਲਖਬੀਰ ਸਿੰਘ, ਸ. ਇਕਬਾਲ ਸਿੰਘ, ਸ. ਨਿਸ਼ਾਨ ਸਿੰਘ, ਸ. ਜਗਤਾਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ। ੩੦ ਨਵੰਬਰ

# ਭਗਤ ਸੈਣ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ।

